ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/1948995821245 31/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

YouTube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 23 ਨਵੰਬਰ 2026 (ਨਾਨਕਸ਼ਾਹੀ ਸੰਮਤ : ५५८, ੮ ਮੱਘਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

ਲਾਹੌਰ ਮੁੜ ਬਣਿਆ ਦੁਨੀਆ ਦਾ ਸਭ ਤੋਂ ਪ੍ਰਦੂਸ਼ਿਤ ਸ਼ਹਿਰ, 537 'ਤੇ ਪੁੱਜਿਆ AQI

ਇਸਲਾਮਾਬਾਦ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਾਕਿਸਤਾਨ ਦਾ ਲਾਹੌਰ ਸ਼ਹਿਰ ਐਤਵਾਰ ਨੂੰ ਇੱਕ ਵਾਰ ਫਿਰ ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ਦੀ ਸੂਚੀ ਵਿੱਚ ਸਿਖ਼ਰ 'ਤੇ ਪਹੁੰਚ ਗਿਆ, ਜਿੱਥੇ ਸਵੇਰੇ 9 ਤੋਂ 10 ਵਜੇ ਦੇ ਵਿਚਕਾਰ ਏਅਰ ਕੁਆਲਿਟੀ ਇੰਡੈਕਸ (AQI) 537 ਦਰਜ ਕੀਤਾ ਗਿਆ। ਹਵਾ ਦੀ ਗੁਣਵੱਤਾ ਨੂੰ 'ਗੰਭੀਰ ਖ਼ਤਰਨਾਕ' ਸ਼੍ਰੇਣੀ ਵਿੱਚ ਰੱਖਿਆ ਗਿਆ ਹੈ। ਲਾਹੌਰ ਤੋਂ ਇਲਾਵਾ ਪਾਕਿਸਤਾਨੀ ਪੰਜਾਬ ਦੇ ਹੋਰ ਸ਼ਹਿਰ ਵੀ ਬਹੁਤ ਪ੍ਰਦੂਸ਼ਿਤ ਦਰਜ ਕੀਤੇ ਗਏ, ਜਿਨ੍ਹਾਂ ਵਿੱਚ ਬਹਾਵਲਪੁਰ (536), ਸਰਗੋਧਾ (392), ਗੁਜਰਾਂਵਾਲਾ (347), ਫੈਸਲਾਬਾਦ (338) ਅਤੇ ਸਿਆਲਕੋਟ (181) ਸ਼ਾਮਲ ਹਨ। ਇਸ ਤੋਂ ਪਹਿਲਾਂ ਸ਼ਨੀਵਾਰ ਨੂੰ ਲਾਹੌਰ ਦਾ AQI 266 ਅਤੇ ਸ਼ੁੱਕਰਵਾਰ ਨੂੰ 465 ਦਰਜ ਕੀਤਾ ਗਿਆ ਸੀ। ਪਾਕਿਸਤਾਨੀ ਪੰਜਾਬ ਦੇ ਵਾਤਾਵਰਣ ਸੁਰੱਖਿਆ ਅਤੇ ਜਲਵਾਯੂ ਪਰਿਵਰਤਨ ਵਿਭਾਗ ਵੱਲੋਂ ਪ੍ਰਦੂਸ਼ਣ ਫੈਲਾਉਣ ਵਾਲੇ ਸਰੋਤਾਂ, ਖ਼ਾਸਕਰ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਇੱਟਾਂ ਦੇ ਭੱਠਿਆਂ ਵਿਰੁੱਧ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ। 1 ਜਨਵਰੀ ਤੋਂ 18 ਨਵੰਬਰ ਦਰਮਿਆਨ ਵਿਭਾਗ ਨੇ 84,370 ਭੱਠਿਆਂ ਦੀ ਜਾਂਚ ਕੀਤੀ, ਜਿਨ੍ਹਾਂ ਵਿੱਚੋਂ 1,429 ਭੱਠਿਆਂ ਨੂੰ ਢਾਹ ਦਿੱਤਾ ਗਿਆ, 968 ਨੂੰ ਸੀਲ ਕੀਤਾ ਗਿਆ ਅਤੇ 1,248 ਐੱਫ.ਆਈ.ਆਰ. ਦਰਜ ਕੀਤੀਆਂ ਗਈਆਂ। ਇਸ ਤੋਂ ਇਲਾਵਾ 17.8 ਕਰੋੜ (178 ਮਿਲੀਅਨ) ਪਾਕਿਸਤਾਨੀ ਰੁਪਏ ਦੇ ਜੁਰਮਾਨੇ ਵੀ ਲਗਾਏ ਗਏ ਹਨ।

ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿਚ

ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਪੁੱਜਾ

ਅੰਮ੍ਰਿਤਸਰ/ਲਾਹੌਰ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿਚ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਪੁੱਜਾ। ਇਸ ਮੌਕੇ ਪਾਕਿਸਤਾਨ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਅਤੇ ਪੰਜਾਬ ਸਰਕਾਰ ਦੇ ਮੰਤਰੀ ਰਮੇਸ਼ ਸਿੰਘ ਅਰੋੜਾ, ਓਕਾਫ ਬੋਰਡ ਦੇ ਚੇਅਰਮੈਨ ਕਮਰ-ਉਜ਼-ਜ਼ਮਾਨ ਅਤੇ ਓਕਾਫ ਬੋਰਡ ਦੇ ਸਕੱਤਰ ਨਾਸਿਰ ਮੁਸਤਾਕ ਨੇ ਸਿੱਖ ਜਥੇ ਦਾ ਸੁਆਗਤ ਕੀਤਾ।



ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਗੁਰਪੁਰਬ ਮਨਾਉਣ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੀ ਅਗਵਾਈ ਵਿਚ ਸ਼੍ਰੋਮਣੀ ਕਮੇਟੀ ਦੇ ਮੁੱਖ ਦਫਤਰ ਤੋਂ ਜੈਕਾਰਿਆਂ ਦੀ ਗੂੰਜ ਵਿਚ ਰਵਾਨਾ ਹੋਇਆ ਸੀ। ਜਥੇ ਨਾਲ ਪਾਰਟੀ ਲੀਡਰ ਵਜੋਂ ਸ਼੍ਰੋਮਣੀ ਕਮੇਟੀ ਦੇ ਮੈਂਬਰ ਬੀਬੀ ਪਰਮਿੰਦਰ ਕੌਰ, ਗਏ ਹਨ ਜਦਕਿ ਜਥੇ ਨਾਲ ਅੰਤ੍ਰਿੰਗ ਮੈਂਬਰ ਰਵਿੰਦਰ ਸਿੰਘ ਖ਼ਾਲਸਾ, ਮੈਂਬਰ ਗੁਰਨਾਮ ਸਿੰਘ ਜੱਸਲ, ਬੀਬੀ ਗੁਰਿੰਦਰ ਕੌਰ ਭੋਲੂਵਾਲਾ ਅਤੇ ਜਨਰਲ ਪ੍ਰਬੰਧਕ ਵਜੋਂ ਲਖਬੀਰ ਸਿੰਘ ਚੀਫ਼-85 ਸ਼ਾਮਲ ਹਨ। ਜਥੇ ਦੀ ਰਵਾਨਗੀ ਦੀ ਅਰਦਾਸ ਜਥੇਦਾਰ ਕੁਲਦੀਪ ਸਿੰਘ ਗੜਗੱਜ ਵੱਲੋਂ ਕੀਤੀ ਗਈ, ਜਿਸ ਮਗਰੋਂ ਓਐਸਡੀ ਸਤਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ ਸਮੇਤ ਹੋਰ ਅਧਿਕਾਰੀਆਂ ਨੇ ਜਥੇ ਦੇ ਆਗੂਆਂ ਅਤੇ ਸ਼ਰਧਾਲੂਆਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦਿੱਤੇ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਹਰ ਗੁਰੂ ਨਾਨਕ ਨਾਮ ਲੇਵਾ ਸਿੱਖ ਦੀ ਰੋਜ਼ਾਨਾ ਅਰਦਾਸ ਵਿੱਚ ਸ੍ਰੀ ਨਨਕਾਣਾ ਸਾਹਿਬ ਸਮੇਤ ਉਨ੍ਹਾਂ ਇਤਿਹਾਸਕ ਗੁਰਧਾਮਾਂ ਦੇ ਖੁੱਲ੍ਹੇ ਦਰਸ਼ਨ-ਦੀਦਾਰ ਅਤੇ ਸੇਵਾ-ਸੰਭਾਲ ਦੀ ਤਾਂਘ ਸ਼ਾਮਲ ਹੈ, ਜਿਨ੍ਹਾਂ ਤੋਂ ਸਿੱਖ ਕੌਮ ਵਿਛੜੀ ਹੋਈ ਹੈ।

ਗੀਤਾਂ 'ਤੇ ਪਾਬੰਦੀ ਤੋਂ ਨਾਰਾਜ਼ ਦਿਲਜੀਤ, ਕੰਸਰਟ ਦੌਰਾਨ ਬੋਲੇ-ਮੈਨੂੰ ਨਾ ਛੇੜੋ ...

ਨਵੀਂ ਦਿੱਲੀ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪੰਜਾਬੀ ਗਾਇਕ ਅਤੇ ਅਦਾਕਾਰ ਦਿਲਜੀਤ ਦੋਸਾਂਝ ਇਸ ਸਮੇਂ ਆਪਣੇ ਔਰਾ ਇੰਡੀਆ ਟੂਰ 2026 ਨੂੰ ਲੈ ਕੇ ਚਰਚਾ ਵਿੱਚ ਹਨ। ਹਾਲ ਹੀ ਵਿੱਚ ਇੰਦੌਰ ਵਿੱਚ ਕੰਸਰਟ ਤੋਂ ਬਾਅਦ ਦਿਲਜੀਤ ਨੇ 21 ਨਵੰਬਰ ਨੂੰ ਅਹਿਮਦਾਬਾਦ ਦੇ ਨਰਿੰਦਰ ਮੋਦੀ ਸਟੇਡੀਅਮ ਵਿੱਚ ਆਪਣੀ ਸ਼ਾਨਦਾਰ ਪੇਸ਼ਕਾਰੀ ਦਿੱਤੀ। ਹਾਲਾਂਕਿ, ਇਸ ਕੰਸਰਟ ਦੌਰਾਨ ਉਨ੍ਹਾਂ ਦਾ ਸੰਗੀਤਕ ਅੰਦਾਜ਼ ਹੀ ਨਹੀਂ, ਸਗੋਂ ਉਨ੍ਹਾਂ ਵੱਲੋਂ ਚੁੱਕਿਆ ਗਿਆ ਇੱਕ ਮੁੱਦਾ ਵੀ ਸੁਰਖੀਆਂ ਵਿੱਚ ਆ ਗਿਆ। ਦਿਲਜੀਤ ਨੇ ਆਪਣੇ ਗੀਤਾਂ 'ਤੇ ਲੱਗੀਆਂ ਪਾਬੰਦੀਆਂ ਨੂੰ ਲੈ ਕੇ ਦੋਹਰੇ ਮਾਪਦੰਡਾਂ 'ਤੇ ਸਵਾਲ ਖੜ੍ਹੇ ਕੀਤੇ ਅਤੇ ਇਸ ਮਾਮਲੇ ਵਿੱਚ ਵਿਦੇਸ਼ੀ ਬੈਂਡ ਕੋਲਡਪਲੇ ਦੀ ਮਿਸਾਲ ਵੀ ਦਿੱਤੀ। ਦਰਅਸਲ, ਅਹਿਮਦਾਬਾਦ ਵਿੱਚ ਹੋਣ ਵਾਲੇ ਦਿਲਜੀਤ ਦੇ ਕੰਸਰਟ ਤੋਂ ਪਹਿਲਾਂ ਜ਼ਿਲ੍ਹਾ ਬਾਲ ਸੁਰੱਖਿਆ ਅਧਿਕਾਰੀ ਵੱਲੋਂ ਪੁਲਿਸ ਕਮਿਸ਼ਨਰ ਨੂੰ ਇੱਕ ਪੱਤਰ ਲਿਖਿਆ ਗਿਆ ਸੀ। ਇਸ ਪੱਤਰ ਵਿੱਚ ਦਿਲਜੀਤ ਦੇ ਚਾਰ ਗੀਤਾਂ 'ਪਟਿਆਲਾ ਪੈੱਗ', '5 ਤਾਰਾ ਠੇਕੇ', 'ਜੇਬ ਵਿਚੋਂ ਅਫੀਮ' ਅਤੇ 'ਜੱਟ ਫਾਇਰ ਕਰਦਾ' ਨੂੰ ਕੰਸਰਟ ਦੌਰਾਨ ਨਾ ਗਾਉਣ ਦੀ ਅਪੀਲ ਕੀਤੀ ਗਈ ਸੀ। ਇਸ ਦੇ ਬਾਵਜੂਦ ਕੰਸਰਟ ਵਿੱਚ ਇੱਕ ਪਾਬੰਦੀ ਵਾਲੇ ਗੀਤ ਦੀ ਪੇਸ਼ਕਾਰੀ ਨੂੰ ਲੈ ਕੇ ਵੀ ਚਰਚਾ ਸ਼ੁਰੂ ਹੋ ਗਈ। ਕੰਸਰਟ ਦੌਰਾਨ ਦਰਸ਼ਕਾਂ ਨਾਲ ਗੱਲਬਾਤ ਕਰਦਿਆਂ ਦਿਲਜੀਤ ਨੇ ਪਿਛਲੇ ਸਾਲ ਇਸੇ ਸਟੇਡੀਅਮ ਵਿੱਚ ਹੋਏ ਬ੍ਰਿਟਿਸ਼ ਬੈਂਡ ਕੋਲਡਪਲੇ ਦੇ ਸ਼ੋਅ ਦਾ ਜ਼ਿਕਰ ਕੀਤਾ। ਉਨ੍ਹਾਂ ਕਿਹਾ ਕਿ ਕੋਲਡਪਲੇ ਦੇ ਗੀਤ 'ਹਿਮਨ ਫਾਰ ਦਿ ਵੀਕਐਂਡ' ਵਿੱਚ 'ਆਈ ਐਮ ਫੀਲਿੰਗ ਡਰੰਕ ਐਂਡ ਹਾਈ' ਵਰਗੇ ਬੋਲ ਹਨ, ਪਰ ਉਸ ਸਮੇਂ ਕਿਸੇ ਨੇ ਕੋਈ ਇਤਰਾਜ਼ ਨਹੀਂ ਜਤਾਇਆ।

ਕੋਟਾ-ਉਦੈਪੁਰ ਹਾਈਵੇਅ 'ਤੇ ਖੜ੍ਹੇ ਟਰੱਕ ਨਾਲ ਟਕਰਾਈ ਕਾਰ, ਬੱਚਿਆਂ ਸਣੇ 9 ਦੀ ਮੌਤ ਤੇ 8 ਹੋਰ ਜ਼ਖਮੀ

ਕੋਟਾ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਰਾਜਸਥਾਨ ਦੇ ਕੋਟਾ ਜ਼ਿਲ੍ਹੇ ਦੇ ਕੋਟਾ-ਉਦੈਪੁਰ ਰਾਸ਼ਟਰੀ ਰਾਜਮਾਰਗ 'ਤੇ ਸ਼ਨੀਵਾਰ ਦੇਰ ਰਾਤ (ਲਗਭਗ 1 ਵਜੇ) ਇੱਕ ਭਿਆਨਕ ਸੜਕ ਹਾਦਸਾ ਵਾਪਰਿਆ। ਖਾਟੂ ਸ਼ਿਆਮਜੀ ਦੇ ਦਰਸ਼ਨ ਕਰਕੇ ਮਹਾਰਾਸ਼ਟਰ ਵਾਪਸ ਆ ਰਹੇ ਇੱਕ ਪਰਿਵਾਰ ਨੂੰ ਲੈ ਕੇ ਜਾ ਰਹੀ ਇੱਕ ਤੇਜ਼ ਰਫ਼ਤਾਰ ਕਰੂਜ਼ਰ ਕਾਰ ਸੜਕ ਕਿਨਾਰੇ ਖੜ੍ਹੇ ਇੱਕ ਟਰੱਕ ਨਾਲ ਟਕਰਾ ਗਈ। ਇਸ ਭਿਆਨਕ ਹਾਦਸੇ ਵਿੱਚ ਬੱਚਿਆਂ ਸਮੇਤ ਪਰਿਵਾਰ ਦੇ ਨੌਂ ਮੈਂਬਰਾਂ ਦੀ ਦੁਖਦਾਈ ਮੌਤ ਹੋ ਗਈ, ਜਦੋਂ ਕਿ ਟਰੱਕ ਡਰਾਈਵਰ ਸਮੇਤ ਅੱਠ ਹੋਰ ਗੰਭੀਰ ਜ਼ਖਮੀ ਹੋ ਗਏ। ਹਾਦਸੇ ਦੀ ਸੂਚਨਾ ਮਿਲਦੇ ਹੀ, ਸਿਟੀ ਸੁਪਰਡੈਂਟ ਆਫ਼ ਪੁਲਿਸ ਤੇਜਸਵਨੀ ਗੌਤਮ ਮੌਕੇ 'ਤੇ ਪਹੁੰਚੇ, ਬਚਾਅ ਕਾਰਜਾਂ ਦਾ ਪ੍ਰਬੰਧ ਕੀਤਾ ਅਤੇ ਜ਼ਖਮੀਆਂ ਨੂੰ ਨਿਊ ਮੈਡੀਕਲ ਕਾਲਜ ਹਸਪਤਾਲ ਭੇਜਿਆ। ਇਹ ਘਟਨਾ ਨਾਤਾ ਥਾਣਾ ਖੇਤਰ ਦੇ ਅਧੀਨ ਸ਼ੰਭੂਪੁਰਾ ਪਿੰਡ ਦੇ ਨੇੜੇ ਵਾਪਰੀ। ਪੁਲਿਸ ਸੁਪਰਡੈਂਟ ਤੇਜਸਵਨੀ ਗੌਤਮ ਨੇ ਦੱਸਿਆ ਕਿ ਕਰੂਜ਼ਰ ਵਿੱਚ ਸਵਾਰ ਸਾਰੇ ਯਾਤਰੀ ਮਹਾਰਾਸ਼ਟਰ ਦੇ ਸਨ ਅਤੇ ਖਾਟੂ ਸ਼ਿਆਮ ਜੀ ਦੇ ਦਰਸ਼ਨ ਕਰਕੇ ਵਾਪਸ ਆ ਰਹੇ ਸਨ। ਸ਼ੁਰੂਆਤੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਹਾਦਸਾ ਕਰੂਜ਼ਰ ਡਰਾਈਵਰ ਨੂੰ ਨੀਂਦ ਆਉਣ ਕਾਰਨ ਹੋਇਆ। ਪੀੜਤ ਪਰਿਵਾਰ ਦੇ ਇੱਕ ਮੈਂਬਰ ਪ੍ਰਦੀਪ ਨੇ ਦੱਸਿਆ ਕਿ ਕੁੱਲ 36 ਰਿਸ਼ਤੇਦਾਰ ਤਿੰਨ ਵਾਹਨਾਂ ਵਿੱਚ ਮਹਾਰਾਸ਼ਟਰ ਵਾਪਸ ਜਾ ਰਹੇ ਸਨ। ਉਸ ਵੇਲੇ ਕਰੂਜ਼ਰ ਹਾਦਸਾਗ੍ਰਸਤ ਹੋ ਗਈ। ਕਰੂਜ਼ਰ ਵਿੱਚ ਇੱਕੋ ਪਰਿਵਾਰ ਦੇ 16 ਮੈਂਬਰ ਸਵਾਰ ਸਨ। ਊਸ਼ਾ ਬਾਈ, ਸੁਸ਼ੀਲਾ (55), ਕੈਲਾਸ਼ (45), ਸਾਨਵੀ, ਸੱਜਣ, ਅਨੀਤਾ, ਬਾਬੂਲਾਲ (60), ਝਾਨਵੀ (13) ਅਤੇ ਮਾਧਵੀ ਦੀ ਹਾਦਸੇ ਵਿੱਚ ਮੌਤ ਹੋ ਗਈ। ਇਸ ਹਾਦਸੇ ਵਿੱਚ ਟਰੱਕ ਡਰਾਈਵਰ ਹਾਰੂਨ (43), ਜੋ ਕਿ ਖੰਡਵਾ ਦਾ ਰਹਿਣ ਵਾਲਾ ਹੈ। ਉਹ ਵੀ ਜ਼ਖਮੀ ਹੋ ਗਿਆ। ਹਾਰੂਨ ਨੇ ਦੱਸਿਆ ਕਿ ਉਸ ਨੇ ਤਕਨੀਕੀ ਸਮੱਸਿਆ ਕਾਰਨ ਟਰੱਕ ਸੜਕ ਦੇ ਕਿਨਾਰੇ ਖੜ੍ਹਾ ਕੀਤਾ ਸੀ ਅਤੇ ਇਸ ਦੀ ਜਾਂਚ ਕਰਨ ਲਈ ਥੋੜ੍ਹੀ ਦੂਰੀ 'ਤੇ ਖੜ੍ਹਾ ਸੀ। ਹੋਰੂਨ ਦੇ ਅਨੁਸਾਰ, ਉਸੇ ਪਲ, ਇੱਕ ਤੇਜ਼ ਰਫ਼ਤਾਰ ਕਰੂਜ਼ਰ ਨੇ ਪਹਿਲਾਂ ਉਸ ਨੂੰ ਟੱਕਰ ਮਾਰੀ ਅਤੇ ਫਿਰ ਟਰੱਕ ਵਿੱਚ ਜਾ ਵੱਜੀ। ਟੱਕਰ ਇੰਨੀ ਜ਼ਬਰਦਸਤ ਸੀ ਕਿ ਉਹ ਲਗਭਗ 20 ਫੁੱਟ ਦੂਰ ਸੁੱਟ ਦਿੱਤਾ ਗਿਆ। ਲਗਭਗ 10 ਮਿੰਟ ਬਾਅਦ ਹੋਸ਼ ਆਉਣ ਤੋਂ ਬਾਅਦ, ਉਸ ਨੇ ਖੁਦ ਪੁਲਿਸ ਅਤੇ ਐਂਬੂਲੈਂਸ ਨੂੰ ਬੁਲਾਇਆ। ਉਸ ਦੇ ਸਿਰ ਅਤੇ ਗੋਡੇ ਵਿੱਚ ਸੱਟਾਂ ਲੱਗੀਆਂ। ਇਸ ਹਾਦਸੇ ਵਿੱਚ ਜਗਦੀਸ਼ (10), ਮਯੂਰੀ ਪਵਾਰ (20), ਮਨੀਸ਼ਾ ਪਵਾਰ (45), ਸ਼ਰਦ ਪਵਾਰ (46), ਗਣੇਸ਼ ਪਵਾਰ (30), ਸ਼੍ਰੀਜੀਤ (3) ਤੇ ਟਰੱਕ ਡਰਾਈਵਰ ਹਾਰੂਨ (43) ਸਣੇ ਅੱਠ ਲੋਕ ਜ਼ਖਮੀ ਹੋ ਗਏ ਅਤੇ ਉਨ੍ਹਾਂ ਦਾ ਕੋਟਾ ਦੇ ਨਿਊ ਮੈਡੀਕਲ ਕਾਲਜ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਹੈ।



ਭਾਜਪਾ 'ਚ ਸ਼ਾਮਲ ਹੋਏ ਸਟਾਰ ਕ੍ਰਿਕਟਰ ਯੁਜਵੇਂਦਰ ਚਾਹਲ, ਪਾਰਟੀ 'ਚ ਮਿਲੀ ਵੱਡੀ ਜ਼ਿੰਮੇਵਾਰੀ

ਨਵੀਂ ਦਿੱਲੀ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤੀ ਕ੍ਰਿਕਟਰ ਯੁਜਵੇਂਦਰ ਚਾਹਲ ਨੇ ਕ੍ਰਿਕਟ ਦੇ ਮੈਦਾਨ ਤੋਂ ਬਾਹਰ ਆਪਣੀ ਜ਼ਿੰਦਗੀ ਦੀ ਇੱਕ ਨਵੀਂ ਪਾਰੀ ਦੀ ਸ਼ੁਰੂਆਤ ਕਰ ਲਈ ਹੈ। ਟੀਮ ਇੰਡੀਆ ਲਈ ਵਨਡੇ ਅਤੇ ਟੀ-20 ਅੰਤਰਰਾਸ਼ਟਰੀ ਕ੍ਰਿਕਟ ਖੇਡ ਚੁੱਕੇ ਸਪਿਨਰ ਯੁਜਵੇਂਦਰ ਚਾਹਲ ਨੇ ਆਪਣਾ ਸਿਆਸੀ ਸਫ਼ਰ ਸ਼ੁਰੂ ਕਰਦਿਆਂ ਭਾਰਤੀ ਜਨਤਾ ਪਾਰਟੀ (ਭਾਜਪਾ) ਦਾ ਪੱਲਾ ਫੜ ਲਿਆ ਹੈ। ਚਾਹਲ ਨੇ ਸ਼ਨੀਵਾਰ 21 ਨਵੰਬਰ ਨੂੰ ਭਾਜਪਾ ਦੀ ਮੈਂਬਰਸ਼ਿਪ ਹਾਸਲ ਕੀਤੀ ਅਤੇ ਇਸ ਦੇ ਨਾਲ ਹੀ ਉਨ੍ਹਾਂ ਨੂੰ ਪਾਰਟੀ ਦੇ ਓ.ਬੀ.ਸੀ. ਮੋਰਚਾ ਵਿੱਚ ਵੀ ਸ਼ਾਮਲ ਕੀਤਾ ਗਿਆ ਹੈ। ਲੰਬੇ ਸਮੇਂ ਤੱਕ ਭਾਰਤੀ ਕ੍ਰਿਕਟ ਟੀਮ ਦਾ ਅਹਿਮ ਹਿੱਸਾ ਰਹੇ ਚਾਹਲ ਪਿਛਲੇ ਦੋ ਸਾਲਾਂ ਤੋਂ ਰਾਸ਼ਟਰੀ ਟੀਮ ਤੋਂ ਬਾਹਰ ਚੱਲ ਰਹੇ ਹਨ, ਜਦਕਿ ਹਾਲ ਹੀ ਵਿੱਚ ਉਨ੍ਹਾਂ ਨੇ ਫਰਸਟ ਕਲਾਸ ਕ੍ਰਿਕਟ ਤੋਂ ਸੰਨਿਆਸ ਲੈਣ ਦਾ ਐਲਾਨ ਵੀ ਕੀਤਾ ਸੀ। ਭਾਜਪਾ ਵੱਲੋਂ ਆਪਣੇ ਰਾਸ਼ਟਰੀ ਓ.ਬੀ.ਸੀ. ਮੋਰਚਾ ਦੀ ਕਾਰਜਕਾਰਨੀ ਕਮੇਟੀ ਵਿੱਚ ਕਈ ਵੱਡੇ ਬਦਲਾਵਾਂ ਦਾ ਐਲਾਨ ਕੀਤਾ ਗਿਆ ਹੈ। ਇਸੇ ਫੇਰਬਦਲ ਤਹਿਤ 36 ਸਾਲਾ ਲੈੱਗ ਸਪਿਨਰ ਯੁਜਵੇਂਦਰ ਚਾਹਲ ਨੂੰ ਦਿੱਲੀ ਪ੍ਰਦੇਸ਼ ਤੋਂ ਇਸ ਕਾਰਜਕਾਰਨੀ ਕਮੇਟੀ ਵਿੱਚ 'ਵਿਸ਼ੇਸ਼ ਸੱਦਾ ਮੈਂਬਰ' (ਸਪੈਸ਼ਲ ਇਨਵਾਈਟੀ) ਵਜੋਂ ਸ਼ਾਮਲ ਕੀਤਾ ਗਿਆ ਹੈ। ਹਰਿਆਣਾ ਦੇ ਗੁਰੂਗ੍ਰਾਮ ਨਾਲ ਸਬੰਧ ਰੱਖਣ ਵਾਲੇ ਯੁਜਵੇਂਦਰ ਚਾਹਲ ਕੀ ਹੁਣ ਚੋਣ ਰਾਜਨੀਤੀ ਵਿੱਚ ਵੀ ਸਰਗਰਮ ਕਦਮ ਰੱਖਣਗੇ, ਇਹ ਆਉਣ ਵਾਲੇ ਸਮੇਂ ਵਿੱਚ ਦੇਖਣਾ ਦਿਲਚਸਪ ਹੋਵੇਗਾ। ਹਾਲਾਂਕਿ, ਫਿਲਹਾਲ ਇਸ ਪੂਰੇ ਮਾਮਲੇ 'ਤੇ ਭਾਰਤੀ ਕ੍ਰਿਕਟਰ ਵੱਲੋਂ ਕੋਈ ਅਧਿਕਾਰਤ ਪ੍ਰਤੀਕਿਰਿਆ ਸਾਹਮਣੇ ਨਹੀਂ ਆਈ ਹੈ। ਯੁਜਵੇਂਦਰ ਚਾਹਲ ਨੇ ਜੂਨ 2016 ਵਿੱਚ ਵਨਡੇ ਅਤੇ ਟੀ-20 ਫਾਰਮੈਟ ਰਾਹੀਂ ਟੀਮ ਇੰਡੀਆ ਲਈ ਆਪਣਾ ਅੰਤਰਰਾਸ਼ਟਰੀ ਡੈਬਿਊ ਕੀਤਾ ਸੀ। ਇਸ ਤੋਂ ਬਾਅਦ ਉਹ ਲਗਾਤਾਰ ਦੋਵਾਂ ਫਾਰਮੈਟਾਂ ਵਿੱਚ ਭਾਰਤੀ ਟੀਮ ਦਾ ਹਿੱਸਾ ਬਣੇ ਰਹੇ ਅਤੇ ਆਪਣੀ ਗੇਂਦਬਾਜ਼ੀ ਨਾਲ ਕਾਫ਼ੀ ਪ੍ਰਭਾਵਸ਼ਾਲੀ ਵੀ ਸਾਬਤ ਹੋਏ। ਚਾਹਲ ਸਾਲ 2019 ਦੇ ਵਿਸ਼ਵ ਕੱਪ ਵਿੱਚ ਵੀ ਖੇਡਦੇ ਹੋਏ ਨਜ਼ਰ ਆਏ ਸਨ। ਹਾਲਾਂਕਿ, ਇਸ ਤੋਂ ਬਾਅਦ ਹੌਲੀ-ਹੌਲੀ ਉਨ੍ਹਾਂ ਦਾ ਕਰੀਅਰ ਗ੍ਰਾਫ਼ ਹੇਠਾਂ ਵੱਲ ਜਾਣ ਲੱਗਾ ਅਤੇ ਟੀਮ ਵਿੱਚ ਹੋਰ ਨਵੇਂ ਸਪਿਨਰਾਂ ਦੇ ਆਉਣ ਕਾਰਨ ਉਨ੍ਹਾਂ ਨੂੰ ਖੇਡਣ ਦੇ ਮੌਕੇ ਘੱਟ ਮਿਲਣ ਲੱਗੇ। ਉਨ੍ਹਾਂ ਨੇ ਅਗਸਤ 2023 ਵਿੱਚ ਟੀਮ ਇੰਡੀਆ ਲਈ ਆਪਣਾ ਆਖ਼ਰੀ ਅੰਤਰਰਾਸ਼ਟਰੀ ਮੈਚ ਖੇਡਿਆ ਸੀ। ਇਸ ਤੋਂ ਬਾਅਦ ਉਹ ਟੀ-20 ਵਿਸ਼ਵ ਕੱਪ 2024 ਜਿੱਤਣ ਵਾਲੀ ਭਾਰਤੀ ਟੀਮ ਦੇ ਸਕੁਐਡ ਦਾ ਹਿੱਸਾ ਜ਼ਰੂਰ ਰਹੇ ਸਨ, ਪਰ ਪੂਰੇ ਟੂਰਨਾਮੈਂਟ ਦੌਰਾਨ ਉਨ੍ਹਾਂ ਨੂੰ ਇੱਕ ਵੀ ਮੈਚ ਖੇਡਣ ਦਾ ਮੌਕਾ ਨਹੀਂ ਮਿਲ ਸਕਿਆ ਸੀ। ਆਪਣੇ ਅੰਤਰਰਾਸ਼ਟਰੀ ਕਰੀਅਰ ਦੌਰਾਨ ਯੁਜਵੇਂਦਰ ਚਾਹਲ ਨੇ ਟੀਮ ਇੰਡੀਆ ਲਈ 72 ਵਨਡੇ ਮੈਚਾਂ ਵਿੱਚ 121 ਵਿਕਟਾਂ ਅਤੇ 80 ਟੀ-20 ਮੈਚਾਂ ਵਿੱਚ 96 ਵਿਕਟਾਂ ਹਾਸਲ ਕੀਤੀਆਂ ਹਨ।



ਪੰਜਾਬ ਪੁਲਿਸ ਪ੍ਰਸ਼ਾਸਨ 'ਚ ਵੱਡਾ ਫੇਰਬਦਲ, 274

TPU - THE PANJAB UNIVERSE

LEARN | TRADE | GROW | EARN FOR LIFE

ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ

ਸਾਡੀਆਂ ਸੇਵਾਵਾਂ:

- 100% ਪ੍ਰੈਕਟੀਕਲ ਟਰੇਡਿੰਗ
- ਲਾਈਵ ਮਾਰਕੀਟ ਸਿਖਲਾਈ
- ਬਿਗਨਰ ਤੋਂ ਐਡਵਾਂਸ ਲੈਵਲ ਤੱਕ
- ਇਨਕਿਊਬੇਟਰ ਗਾਈਡੈਂਸ
- ਲਾਈਫ ਟਾਈਮ ਸਪੋਰਟ

ਕੋਰਸ ਵਿੱਚ ਸ਼ਾਮਲ:

- ਇੰਟਰਾਡੇ
- ਸਵਿੰਗ
- ਆਪਸ਼ਨ
- ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
- ਰਿਸਕ ਮੈਨੇਜਮੈਂਟ
- ਇਨਵੈਸਟਮੈਂਟ ਸਟ੍ਰੈਟਜੀ
- ਪ੍ਰੈਕਟੀਕਲ ਟਰੇਡਿੰਗ ਸਿਸਟਮ

ਆਵਾਜ਼ ਕੌਮ AWAZE QAUM International Newspaper & WEB TV


ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ

ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ

+91 76961 59766

Instagram: thepanjabuniverse / the.panjabuniverse (ਜਲੰਧਰ)

ਸਾਡਾ ਪਤਾ: Lambra near Jalandhar


ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਜਨਮ
ਪਿੰਡ ਰੋਡੇ
2.6.1947
Birth
Pind Rode
ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar
www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


ਧੰਨ ਧੰਨ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ
ਪ੍ਰਗਟਿਓ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਨਾਮ ਜਪੋ
ਕਿਰਤ ਕਰੋ
ਵੰਡ ਛੱਕੋ
Naam Japo
Kirat Karo
Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke
Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and
Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net


ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Comtact :
+447458381111
+447976210161
+919729091243
ਆਵਾਜ਼ਿ ਕੌਮ AWAZE QAUM TV
ਭਾਈ ਰਘਵੀਰ ਸਿੰਘ ਵਾਲਸਾਲ
ਮੁੱਖ ਸੰਪਾਦਕ
ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ
ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ
ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ
ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ


੧ਓ
ਗੁਰਬਾਣੀ ਲੜੀਵਾਰ
ਕਥਾ ਵਿਆਖਿਆ
ਗੁਰਦੁਆਰਾ ਸੀਸ ਗੰਜ ਸਾਹਿਬ
ਚਾਂਦਨੀ ਚੌਂਕ ਦਿੱਲੀ
23 ਨਵੰਬਰ 2026
ਸਮਾਂ ਸਵੇਰੇ 7-30 ਤੋਂ 8-30 ਤੱਕ
LIVE-ON
PTC SIMRAN
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ



ਆਵਾਜ਼ਿ ਕੌਮ AWAZE QAUM International Newspaper & WEB TV

ਐਨ. ਆਰ. ਆਈਜ਼ ਵੈਲਫੇਅਰ ਸੁਸਾਇਟੀ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

ਕੰਗ ਸਾਹਬੂ ਵਿਖੇ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ

577 ਮਰੀਜ਼ਾਂ ਦੀ ਮਾਹਿਰ ਡਾਕਟਰਾਂ ਵੱਲੋਂ ਜਾਂਚ, ਮੁਫ਼ਤ ਦਵਾਈਆਂ, ਐਨਕਾਂ ਅਤੇ ਵੱਖ-ਵੱਖ ਟੈਸਟਾਂ ਦੀਆਂ ਸਹੂਲਤਾਂ ਪ੍ਰਦਾਨ ਕੀਤੀਆਂ











ਜਲੰਧਰ/ਕੰਗ ਸਾਹਬੂ, 22 ਨਵੰਬਰ (ਆਵਾਜ਼ਿ ਕੌਮ ਬਿਊਰੋ)-ਇਥੋਂ ਨਜ਼ਦੀਕੀ ਪਿੰਡ ਕੰਗ ਸਾਹਬੂ ਵਿਖੇ ਐਨ.ਆਰ.ਆਈ. ਵੈਲਫੇਅਰ ਸੋਸਾਇਟੀ ਕੰਗ ਸਾਹਬੂ ਵੱਲੋਂ ਐਨ.ਆਰ.ਆਈ. ਵੀਰਾਂ, ਗ੍ਰਾਮ ਪੰਚਾਇਤ ਅਤੇ ਸਮੂਹ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਵੱਖ-ਵੱਖ ਬਿਮਾਰੀਆਂ ਦੇ ਮਾਹਿਰ ਡਾਕਟਰਾਂ ਦੀ ਟੀਮ ਨੇ ਆਪਣੀਆਂ ਸੇਵਾਵਾਂ ਪ੍ਰਦਾਨ ਕੀਤੀਆਂ। ਕੈਂਪ ਦੌਰਾਨ ਕੁੱਲ 577 ਮਰੀਜ਼ਾਂ ਦੀ ਸਿਹਤ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ।

ਇਸ ਮੈਡੀਕਲ ਕੈਂਪ ਵਿੱਚ ਅੱਖਾਂ ਦੇ ਰੋਗਾਂ ਦੇ ਮਾਹਿਰ, ਹੱਡੀਆਂ ਦੇ ਰੋਗਾਂ ਦੇ ਮਾਹਿਰ, ਔਰਤਾਂ ਦੇ ਰੋਗਾਂ ਦੇ ਮਾਹਿਰ, ਮੈਮੋਗ੍ਰਾਫੀ ਮਾਹਿਰ ਅਤੇ ਜਨਰਲ ਮੈਡੀਸਨ ਦੇ ਮਾਹਿਰ ਡਾਕਟਰਾਂ ਨੇ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਲੋੜ ਅਨੁਸਾਰ ਡਾਕਟਰੀ ਸਲਾਹ ਦਿੱਤੀ।

ਕੈਂਪ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਅੱਖਾਂ ਦੀਆਂ ਦਵਾਈਆਂ ਵੀ ਵੰਡੀਆਂ ਗਈਆਂ। ਇਸ ਤੋਂ ਇਲਾਵਾ ਮਰਦਾਂ ਦੇ ਗਦੂਦਾਂ (ਪ੍ਰੋਸਟੇਟ) ਸਬੰਧੀ ਟੈਸਟ, ਸ਼ੂਗਰ ਦੀ ਜਾਂਚ, ਲੋੜਵੰਦ ਮਰੀਜ਼ਾਂ ਦੇ ਈ.ਸੀ.ਜੀ. ਟੈਸਟ ਅਤੇ ਹੋਰ ਵੱਖ-ਵੱਖ ਤਰ੍ਹਾਂ ਦੇ ਖੂਨ ਦੇ ਟੈਸਟ ਵੀ ਮੁਫ਼ਤ ਕੀਤੇ ਗਏ। ਇਸ ਉਪਰਾਲੇ ਨਾਲ ਪਿੰਡ ਅਤੇ ਆਸ-ਪਾਸ ਦੇ ਇਲਾਕਿਆਂ ਦੇ ਲੋਕਾਂ ਨੂੰ ਮਾਹਿਰ ਡਾਕਟਰਾਂ ਦੀਆਂ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਹੋਇਆ।

ਇਸ ਮੌਕੇ ਡਾਕਟਰ ਤੇਜਿੰਦਰ ਕੁਮਾਰ, ਡਾਕਟਰ ਅੰਬੋਜ ਸੂਦ, ਡਾਕਟਰ ਨਰਿੰਦਰ ਪਾਲ ਸਿੰਘ ਐੱਮ.ਡੀ., ਇਸ਼ਵੀਰ ਸਿੰਘ ਮੈਂਬਰ ਪੰਚਾਇਤ, ਭਗਵੰਤ ਸਿੰਘ ਸਾਬਕਾ ਸਰਪੰਚ, ਸ੍ਰੀ ਦਵਿੰਦਰ ਕੁਮਾਰ ਜੱਸਲ ਸਾਬਕਾ ਸਰਪੰਚ, ਸਰਦਾਰ ਹਰਪਿੰਦਰ ਸਿੰਘ ਖਾਲਸਾ ਅਤੇ ਸਰਦਾਰ ਬਲਜੀਤ ਸਿੰਘ ਯੂ.ਕੇ. ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਉਨ੍ਹਾਂ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇ ਰੁਝੇਵਿਆਂ ਭਰੇ ਜੀਵਨ ਵਿੱਚ ਹਰ ਵਿਅਕਤੀ ਲਈ ਆਪਣੀ ਸਿਹਤ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਸਮੇਂ-ਸਮੇਂ ਸਿਰ ਸਿਹਤ ਦੀ ਜਾਂਚ ਕਰਵਾਉਣ ਨਾਲ ਕਈ ਬਿਮਾਰੀਆਂ ਦਾ ਮੁੱਢਲੇ ਪੜਾਅ 'ਤੇ ਹੀ ਪਤਾ ਲਗਾਇਆ ਜਾ ਸਕਦਾ ਹੈ।

ਇਸ ਮੌਕੇ ਬਲਜਿੰਦਰ ਸਿੰਘ ਯੂ.ਕੇ., ਸ੍ਰੀ ਪਿਆਰਾ ਲਾਲ, ਗੁਰਵਿੰਦਰ ਸਿੰਘ ਮੈਂਬਰ ਪੰਚਾਇਤ, ਗੁਰਦੀਪ ਸਿੰਘ ਬਿਰਦੀ, ਸ੍ਰੀ ਦੇਵ ਰਾਜ ਮਡਾਰਾ ਸਾਬਕਾ ਸਰਪੰਚ, ਬਲਦੇਵ ਸਿੰਘ, ਦਲਜੀਤ ਸਿੰਘ, ਰਾਜਵੰਤ ਰਾਏ (ਡਾਇਰੈਕਟਰ ਫਾਈਨਲ ਗਲੋਬਲ ਇਮੀਗ੍ਰੇਸ਼ਨ), ਸੂਬੇਦਾਰ ਮੋਹਨ ਸਿੰਘ ਆਦਿ ਤੋਂ ਇਲਾਵਾ ਪਿੰਡ ਦੀਆਂ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਨਗਰ ਨਿਵਾਸੀ ਹਾਜ਼ਰ ਸਨ।

ਇਸ ਮੌਕੇ ਸਮੂਹ ਪ੍ਰਬੰਧਕਾਂ ਵੱਲੋਂ ਕੈਂਪ ਨੂੰ ਸਫ਼ਲ ਬਣਾਉਣ ਲਈ ਸਹਿਯੋਗ ਦੇਣ ਵਾਲੇ ਸਮੂਹ ਐਨ.ਆਰ.ਆਈ. ਵੀਰਾਂ, ਡਾਕਟਰ ਸਾਹਿਬਾਨ, ਗ੍ਰਾਮ ਪੰਚਾਇਤ, ਸੇਵਾਦਾਰਾਂ ਅਤੇ ਨਗਰ ਨਿਵਾਸੀ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਅਜਿਹੇ ਲੋਕ ਭਲਾਈ ਦੇ ਉਪਰਾਲੇ ਸਮਾਜ ਵਿੱਚ ਸੇਵਾ, ਸਹਿਯੋਗ ਅਤੇ ਭਾਈਚਾਰਕ ਸਾਂਝ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।

ਆਵਾਜ਼ਿ ਕੌਮ AWAZE QAUM
International Newspaper & WEB TV

ਇਸ ਕੈਂਪ 'ਚ ਹੇਠ ਲਿਖੀਆਂ ਸਿਹਤ ਸਹੂਲਤਾਂ ਮੁਹੱਈਆ ਕਰਵਾਈਆਂ ਗਈਆਂ

- ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ।
- ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ ਲਈ ਮੈਮੋਗ੍ਰਾਫੀ ਟੈਸਟ।
- ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ ਪੈਪ ਸਮੀਅਰ ਟੈਸਟ।
- ਮਰਦਾਂ ਵਿੱਚ ਪ੍ਰੋਸਟੇਟ ਕੈਂਸਰ ਦੀ ਜਾਂਚ ਲਈ ਪੀ.ਐੱਸ.ਏ. ਟੈਸਟ।
- ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਸਬੰਧੀ ਸਹੀ ਸਲਾਹ।
- ਔਰਤਾਂ ਅਤੇ ਮਰਦਾਂ ਦੇ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਦੇ ਟੈਸਟ।
- ਸ਼ੂਗਰ ਅਤੇ ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ।
- ਆਮ ਬਿਮਾਰੀਆਂ ਸਬੰਧੀ ਡਾਕਟਰੀ ਜਾਂਚ ਅਤੇ ਮੁਫ਼ਤ ਦਵਾਈਆਂ।
- ਅੱਖਾਂ ਦੇ ਮਾਹਿਰ ਡਾਕਟਰਾਂ ਵੱਲੋਂ ਅੱਖਾਂ ਦੀਆਂ ਬਿਮਾਰੀਆਂ ਦੀ ਜਾਂਚ ਅਤੇ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ ਤੇ ਐਨਕਾਂ।
- ਦਿਲ ਦੇ ਮਾਹਿਰ ਡਾਕਟਰਾਂ ਵੱਲੋਂ ਜਾਂਚ ਅਤੇ ਦਿਲ ਦੇ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ।
- ਔਰਤਾਂ ਦੇ ਰੋਗਾਂ ਦੇ ਮਾਹਿਰ ਡਾਕਟਰਾਂ ਵੱਲੋਂ ਜਾਂਚ ਅਤੇ ਮੁਫ਼ਤ ਦਵਾਈਆਂ।

ਸੁਸਾਇਟੀ ਵੱਲੋਂ ਦੱਸਿਆ ਗਿਆ ਹੈ ਕਿ ਇਹ ਕੈਂਪ ਆਸਪਾਸ ਦੀਆਂ ਸੰਗਤਾਂ ਲਈ ਲਾਹੇਵੰਦ ਸਿੱਧ ਹੋਇਆ। ਕੈਂਪ ਦੀ ਸਮਾਪਤੀ ਉਪਰੰਤ ਪ੍ਰਬੰਧਕਾਂ ਵੱਲੋਂ ਸਮੂਹ ਇਲਾਕਾ ਨਿਵਾਸੀਆਂ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਵੱਧ ਤੋਂ ਵੱਧ ਗਿਣਤੀ ਵਿੱਚ ਪਹੁੰਚ ਕੇ ਮੁਫ਼ਤ ਸਿਹਤ ਸਹੂਲਤਾਂ ਦਾ ਲਾਭ ਉਠਾਇਆ।



ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਦਿਹਾੜੇ ਸਬੰਧੀ

ਤਿੰਨ ਰੋਜ਼ਾ ਧਾਰਮਿਕ ਸਮਾਗਮ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਆਰੰਭ



ਤਲਵੰਡੀ ਸਾਬੋ, 22 ਨਵੰਬਰ (ਗੁਰਜੰਟ ਸਿੰਘ ਨਥੇਹਾ)- ਸਿੱਖ ਧਰਮ ਦੇ ਬਾਨੀ, ਪਹਿਲੇ ਪਾਤਸ਼ਾਹ, ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਦਾ 557ਵਾਂ ਪ੍ਰਕਾਸ਼ ਦਿਹਾੜਾ ਜਿੱਥੇ ਸਮੁੱਚੇ ਸਿੱਖ ਜਗਤ ਚ ਖਾਲਸਾਈ ਜਾਹੋ ਜਲਾਲ ਨਾਲ ਮਨਾਇਆ ਜਾ ਰਿਹੈ ਉੱਥੇ ਅੱਜ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਆਖੰਡ ਪਾਠ ਸਾਹਿਬ ਦੇ ਪ੍ਰਕਾਸ਼ ਹੋਣ ਦੇ ਨਾਲ ਹੀ ਤਿੰਨ ਰੋਜ਼ਾ ਧਾਰਮਿਕ ਸਮਾਗਮ ਰਸਮੀ ਤੌਰ 'ਤੇ ਆਰੰਭ ਹੋ ਗਏ।ਅੱਜ ਤਖਤ ਸਾਹਿਬ ਦੇ ਇਤਿਹਾਸਿਕ ਗੁਰਦੁਆਰਾ ਦਮਦਮਾ ਸਾਹਿਬ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਪ੍ਰਕਾਸ਼ ਕੀਤੇ ਗਏ।ਆਰੰਭਤਾ ਦੀ ਅਰਦਾਸ ਤਖਤ ਸਾਹਿਬ ਦੇ ਹੋਂਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਕੀਤੀ।ਆਰੰਭਤਾ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹੋਂਡ ਗ੍ਰੰਥੀ ਗਿਆਨੀ ਗੁਰਜੰਟ ਸਿੰਘ ਨੇ ਦੱਸਿਆ ਕਿ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਟੇਕ ਸਿੰਘ ਦੀ ਅਗਵਾਈ ਅਤੇ ਸੰਗਤਾਂ ਦੇ ਸਹਿਯੋਗ ਨਾਲ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹੈ। ਅੱਜ ਤੋਂ ਤਿੰਨ ਰੋਜ਼ਾ ਧਾਰਮਿਕ ਸਮਾਗਮ ਰਸਮੀ ਆਰੰਭ ਹੋ ਗਏ ਹਨ। ਉਨਾਂ ਦੱਸਿਆ ਕਿ 23 ਨਵੰਬਰ ਨੂੰ ਤਖਤ ਸਾਹਿਬ ਤੋਂ ਗੁਰੂ ਗ੍ਰੰਥ ਸਾਹਿਬ ਜੀ ਦੀ ਸਰਪ੍ਰਸਤੀ ਅਤੇ ਪੰਜ ਪਿਆਰਿਆਂ ਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਈ ਹੇਠ ਆਲੌਕਿਕ ਨਗਰ ਕੀਰਤਨ ਸਜਾਇਆ ਜਾਵੇਗਾ ਜਦੋਂਕਿ ਮੁੱਖ ਸਮਾਗਮ 24 ਨਵੰਬਰ ਨੂੰ ਹੋਣਗੇ ਜਿਨ੍ਹਾਂ ਵਿੱਚ ਸਿੰਘ ਸਾਹਿਬ ਬਾਬਾ ਟੇਕ ਸਿੰਘ ਤੋਂ ਇਲਾਵਾ ਹੋਰ ਧਾਰਮਿਕ ਸਖਸ਼ੀਅਤਾਂ ਸ਼ਮੂਲੀਅਤ ਕਰਨਗੀਆਂ ਜਦੋਂਕਿ ਤਖਤ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਅਤੇ ਪ੍ਰਚਾਰਕ ਸਿੰਘ ਸੰਗਤਾਂ ਨੂੰ ਗੁਰਬਾਣੀ ਕਥਾ ਕੀਰਤਨ ਨਾਲ ਨਿਹਾਲ ਕਰਨਗੇ।ਉੱਧਰ ਅੱਜ ਧਾਰਮਿਕ ਸਮਾਗਮਾਂ ਦੀ ਆਰੰਭਤਾ ਦੀ ਲੜੀ ਤਹਿਤ ਤਖਤ ਸਾਹਿਬ ਕੰਪਲੈਕਸ ਵਿਖੇ ਢਾਡੀ ਦਰਬਾਰ ਚ ਢਾਡੀ ਸਿੰਘਾਂ ਨੇ ਵੀਰ ਰਸ ਵਾਰਾਂ ਰਾਹੀਂ ਸੰਗਤਾਂ ਨੂੰ ਗੁਰ ਇਤਿਹਾਸ ਤੋਂ ਜਾਣੂੰ ਕਰਵਾਇਆ ਜਦੋਂਕਿ ਅਰਦਾਸ ਉਪਰੰਤ ਬੀਬੀਆਂ ਦੇ ਵੱਡੇ ਜਥੇ ਨੇ ਤਖਤ ਸਾਹਿਬ ਤੋਂ ਲੈ ਕੇ ਨਗਰ ਕੀਰਤਨ ਦੇ ਸਮੁੱਚੇ ਰਾਸਤੇ ਦੀ ਸਫਾਈ ਮੁਹਿੰਮ ਸ਼ੁਰੂ ਕੀਤੀ। ਆਰੰਭਤਾ ਸਮਾਗਮ ਚ ਮੁੱਖ ਕਥਾਵਾਚਕ ਗਿਆਨੀ ਆਲਮ ਸਿੰਘ, ਗੁਰਦੇਵ ਸਿੰਘ ਸੰਧੂ, ਗੁਰਸੇਵਕ ਸਿੰਘ ਕਿੰਗਰਾ, ਮਨਦੀਪ ਸਿੰਘ ਮਾਖਾ ਤੇ ਗੁਰਚਰਨ ਸਿੰਘ ਜੀਦਾ ਚਾਰੇ ਮੀਤ ਮੈਨੇਜ਼ਰ, ਪੰਜ ਪਿਆਰਿਆਂ 'ਚੋਂ ਗਿਆਨੀ ਜਗਦੀਪ ਸਿੰਘ, ਵਰਿੰਦਰ ਸਿੰਘ, ਅਕਾਲੀ ਆਗੂ ਜਸਵਿੰਦਰ ਸਿੰਘ ਜ਼ੈਲਦਾਰ, ਪੈਨਸ਼ਨਰ ਯੂਨੀਅਨ ਦੇ ਆਗੂ ਧੰਨਾ ਸਿੰਘ ਸਮੇਤ ਹੋਰ ਮੁਹਤਬਰ ਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

आवाज़ि कौम AWAZE QAUM International Newspaper & WEB TV

ਖਾਲਸਾ ਕਾਲਜੀਏਟ ਮਹਿਤਾ ਵਿਖੇ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ



ਚੌਕ ਮਹਿਤਾ,22 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜੀਏਟ ਸਕੂਲ ਮਹਿਤਾ ਵਿਖੇ "ਸ੍ਰੀ ਗੁਰੂ ਨਾਨਕ ਦੇਵ ਜੀ" ਦਾ ਪ੍ਰਕਾਸ਼ ਪੁਰਬ ਵਿਦਿਆਰਥੀਆਂ ਵੱਲੋਂ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਗੁਰੂ ਸਾਹਿਬ ਜੀ ਦੇ ਜੀਵਨ, ਸਿੱਖਿਆਵਾਂ ਅਤੇ ਮਨੁੱਖਤਾ ਨੂੰ ਦਿੱਤੇ ਮਹਾਨ ਸੰਦੇਸ਼ਾਂ ਨੂੰ ਯਾਦ ਕਰਦਿਆਂ ਧਾਰਮਿਕ ਅਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਭਾਗ ਲਿਆ। ਵਿਦਿਆਰਥੀਆਂ ਵੱਲੋਂ ਗੁਰੂ ਸਾਹਿਬ ਜੀ ਦੀ ਬਾਣੀ ਨੂੰ ਕੀਰਤਨ, ਕਵਿਸਰੀ,ਕਵਿਤਾਵਾਂ ਅਤੇ ਭਾਸ਼ਣ ਰਾਹੀਂ 'ਕਿਰਤ ਕਰੋ, ਨਾਮ ਜਪੋ ਅਤੇ ਵੰਡ ਛਕੋ' ਦੇ ਸੰਦੇਸ਼ ਨੂੰ ਪ੍ਰਸਤੁਤ ਕੀਤਾ। ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਾਲਜੀਏਟ ਦੇ *ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ* ਨੇ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਨੇ ਸਮਾਜ ਵਿੱਚ ਫੈਲੀਆਂ ਵੰਡੀਆਂ, ਅੰਧਵਿਸ਼ਵਾਸਾਂ ਅਤੇ ਅਸਮਾਨਤਾਵਾਂ ਦੇ ਵਿਰੁੱਧ ਆਵਾਜ਼ ਉਠਾਉਂਦਿਆਂ ਸਮਾਨਤਾ, ਭਾਈਚਾਰਕ ਸਾਂਝ, ਸੱਚਾਈ ਅਤੇ ਮਨੁੱਖਤਾ ਦਾ ਮਾਰਗ ਦਿਖਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਗੁਰੂ ਸਾਹਿਬ ਜੀ ਦੇ ਆਦਰਸ਼ਾਂ ਅਨੁਸਾਰ ਚੰਗੇ ਨਾਗਰਿਕ ਬਣਨ ਅਤੇ ਸਮਾਜ ਦੀ ਭਲਾਈ ਲਈ ਆਪਣਾ ਯੋਗਦਾਨ ਪਾਉਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ, ਸੁਖਦੇਵ ਸਿੰਘ ਅਤੇ ਸਮੂਹ ਅਧਿਆਪਕ ਸਹਿਬਾਨ ਨੇ ਵਿਦਿਆਰਥੀਆਂ ਨੂੰ "ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ' ਦੀ ਸਭ ਨੂੰ ਦੀ ਵਧਾਈ ਦਿੱਤੀ।

आवाज़ि कौम AWAZE QAUM International Newspaper & WEB TV

ਦਿੜਬਾ ਵਿਖੇ ਸੈਣ ਸਮਾਜ ਭਾਈਚਾਰਾ ਕਮੇਟੀ ਵੱਲੋਂ ਸਲਾਨਾ ਧਾਰਮਿਕ ਸਮਾਗਮ ਅਤੇ

ਮੁਫ਼ਤ ਵਿਆਹ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ



ਦਿੜਬਾ (ਰਣਜੀਤ ਸਿੰਘ ਪੇਧਨੀ) - ਸੈਣ ਸਮਾਜ ਭਾਈਚਾਰਾ ਕਮੇਟੀ ਦਿੜਬਾ ਵੱਲੋਂ ਭਾਈ ਮਹਿਤਾਬ ਸਿੰਘ ਜੀ ਅਤੇ ਪੰਜ ਪਿਆਰਿਆਂ ਨੂੰ ਸਮਰਪਿਤ ਸਲਾਨਾ ਧਾਰਮਿਕ ਸਮਾਗਮ ਗੁਰਦੁਆਰਾ ਨੌਵੀਂ ਪਾਤਸ਼ਾਹੀ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਕਰਵਾਇਆ ਗਿਆ। ਇਸ ਮੌਕੇ ਇਲਾਕੇ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।

180 ਦੇ ਕਰੀਬ ਲੜਕੇ-ਲੜਕੀਆਂ ਦੇ ਵਿਆਹ ਸਬੰਧੀ ਬਾਇਓਡਾਟਾ ਫਾਰਮ ਭਰੇ ਗਏ; ਡਾ. ਅਮਰੀਕ ਸਿੰਘ ਪੇਧਨੀ ਅਤੇ ਟਰੱਸਟ ਦੀ ਟੀਮ ਦਾ ਵਿਸ਼ੇਸ਼ ਸਨਮਾਨ

ਇਸ ਮੌਕੇ ਸੈਣ ਸਮਾਜ ਵੈਲਫੇਅਰ ਚੈਰੀਟੇਬਲ ਟਰੱਸਟ (ਰਜਿ.) ਪੰਜਾਬ ਦੇ ਪ੍ਰਧਾਨ ਡਾ. ਅਮਰੀਕ ਸਿੰਘ ਪੇਧਨੀ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਟਰੱਸਟ ਵੱਲੋਂ ਸਮਾਜ ਦੇ ਲੜਕੇ-ਲੜਕੀਆਂ ਨੂੰ ਵਿਆਹ ਸਬੰਧੀ ਆ ਰਹੀਆਂ ਮੁਸ਼ਕਲਾਂ ਦੇ ਹੱਲ ਲਈ ਵਿਸ਼ੇਸ਼ ਮੁਫ਼ਤ ਵਿਆਹ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਇਸ ਦੌਰਾਨ ਲਗਭਗ 180 ਲੜਕੇ-ਲੜਕੀਆਂ ਦੇ ਵਿਆਹ ਸਬੰਧੀ ਬਾਇਓਡਾਟਾ ਫਾਰਮ ਭਰੇ ਗਏ, ਜੋ ਕਿ ਸਮਾਜਿਕ ਸੇਵਾ ਦੇ ਖੇਤਰ ਵਿੱਚ ਇੱਕ ਮਹੱਤਵਪੂਰਨ ਉਪਰਾਲਾ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ ਪੇਧਨੀ ਨੇ ਕਿਹਾ ਕਿ ਟਰੱਸਟ ਦਾ ਮੁੱਖ ਮਕਸਦ ਸੈਣ ਸਮਾਜ ਦੇ ਪਰਿਵਾਰਾਂ ਨੂੰ ਬਿਨਾਂ ਕਿਸੇ ਫੀਸ ਦੇ ਵਿਆਹ ਸਬੰਧੀ ਸਹੂਲਤ ਅਤੇ ਸਹਾਇਤਾ ਪ੍ਰਦਾਨ ਕਰਨਾ ਹੈ, ਤਾਂ ਜੋ ਮਾਪੇ ਆਪਣੇ ਬੱਚਿਆਂ ਲਈ ਯੋਗ ਜੀਵਨ ਸਾਥੀ ਦੀ ਭਾਲ ਆਸਾਨੀ ਨਾਲ ਕਰ ਸਕਣ। ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਇਹ ਸੇਵਾ ਪੂਰੀ ਤਰ੍ਹਾਂ ਮੁਫ਼ਤ ਚਲਾਈ ਜਾ ਰਹੀ ਹੈ ਅਤੇ ਸਮਾਜ ਦੇ ਵੱਧ ਤੋਂ ਵੱਧ ਪਰਿਵਾਰਾਂ ਨੂੰ ਇਸ ਦਾ ਲਾਭ ਉਠਾਉਣਾ ਚਾਹੀਦਾ ਹੈ।

ਸਮਾਗਮ ਦੌਰਾਨ ਸੈਣ ਸਮਾਜ ਭਾਈਚਾਰਾ ਕਮੇਟੀ ਦਿੜਬਾ ਵੱਲੋਂ ਸੰਗਤਾਂ ਲਈ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਇਸ ਦੇ ਨਾਲ ਹੀ ਕਮੇਟੀ ਵੱਲੋਂ ਡਾ. ਅਮਰੀਕ ਸਿੰਘ ਪੇਧਨੀ ਅਤੇ ਟਰੱਸਟ ਦੀ ਸਮੁੱਚੀ ਐਡਮਿਨ ਟੀਮ ਨੂੰ ਸਿਰੋਪਾਓ ਅਤੇ ਨਕਦ ਰਾਸ਼ੀ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਭਗਤ ਸੈਣ ਜੀ ਦਾ ਕੈਲੰਡਰ ਸੈਣ ਸਮਾਜ ਦੇ ਹਰ ਪਰਿਵਾਰ ਦੇ ਘਰ ਤੱਕ ਪਹੁੰਚਾਉਣ ਦਾ ਸੰਕਲਪ ਵੀ ਲਿਆ ਗਿਆ, ਤਾਂ ਜੋ ਨਵੀਂ ਪੀੜ੍ਹੀ ਨੂੰ ਆਪਣੇ ਮਹਾਨ ਰਹਿਬਰ ਅਤੇ ਵਿਰਸੇ ਨਾਲ ਜੋੜਿਆ ਜਾ ਸਕੇ।

ਅੰਤ ਵਿੱਚ ਸੈਣ ਸਮਾਜ ਵੈਲਫੇਅਰ ਚੈਰੀਟੇਬਲ ਟਰੱਸਟ ਪੰਜਾਬ ਵੱਲੋਂ ਸੈਣ ਸਮਾਜ ਭਾਈਚਾਰਾ ਕਮੇਟੀ ਦਿੜਬਾ ਦੇ ਸਮੂਹ ਅਹੁਦੇਦਾਰਾਂ ਅਤੇ ਮੈਂਬਰਾਂ ਦੇ ਇਸ ਸ਼ਲਾਘਾਯੋਗ ਉਪਰਾਲੇ ਦੀ ਭਰਪੂਰ ਪ੍ਰਸ਼ੰਸਾ ਕੀਤੀ ਗਈ। ਟਰੱਸਟ ਨੇ ਕਿਹਾ ਕਿ ਧਾਰਮਿਕ ਸਮਾਗਮਾਂ ਦੇ ਨਾਲ-ਨਾਲ ਸਮਾਜਿਕ ਭਲਾਈ, ਆਪਸੀ ਸਹਿਯੋਗ ਅਤੇ ਮੁਫ਼ਤ ਵਿਆਹ ਸੇਵਾ ਵਰਗੇ ਉਪਰਾਲੇ ਸਮਾਜ ਦੀ ਏਕਤਾ ਅਤੇ ਮਜ਼ਬੂਤੀ ਲਈ ਬੇਹੱਦ ਜ਼ਰੂਰੀ ਹਨ।

आवाज़ि कौम AWAZE QAUM International Newspaper & WEB TV

ਮਾਨ ਸਰਕਾਰ ਵੱਲੋਂ ਪੂਰੇ ਕੀਤੇ ਵਾਅਦਿਆਂ ਕਾਰਨ ਵਿਰੋਧੀ ਧਿਰਾਂ 'ਚ ਬੁਖਲਾਹਟ: ਸ, ਬਲਜੀਤ ਸਿੰਘ ਚਾਹਲ, ਉਦੋਂ ਨੰਗਲ ,ਮੈਡਮ ਰਾਜਵਿੰਦਰ ਕੌਰ ਚਾਹਲ ਉਦੋਂ ਨੰਗਲ



ਚੌਕ ਮਹਿਤਾ, 22 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਹਲਕਾ ਜੰਡਿਆਲਾ ਗੁਰੂ ਤੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ, ਬਲਜੀਤ ਸਿੰਘ ਚਾਹਲ ਉਦੋਂ ਨੰਗਲ ਅਤੇ ਮੈਡਮ ਰਾਜਵਿੰਦਰ ਕੌਰ ਚਾਹਲ ਉਦੋਂ ਨੰਗਲ ਮੈਂਬਰ ਬਲਾਕ ਸੰਮਤੀ ਨੇ ਗੱਲਬਾਤ ਦੌਰਾਨ ਦੱਸਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਚਾਰ ਸਾਲਾਂ ਵਿੱਚ ਵਿਕਾਸ ਕਾਰਜਾਂ ਵਿੱਚ ਵਾਹ ਵਾਹ ਖੱਟੀ ਕੈਬਨਿਟ ਮੰਤਰੀ ਨੇ ਵਿਕਾਸ ਦਿਨ ਰਾਤ ਇੱਕ ਕਰਕੇ ਕੀਤਾ ਹੈ ਅਤੇ ਆਪਣੇ ਮੇਹਨਤੀ ਵਰਕਰਾਂ ਨੂੰ ਮਾਨ ਸਨਮਾਨ ਵੀ ਪੂਰਾ ਕੀਤਾ ਹੈ ਅਤੇ ਮਾਨ ਸਰਕਾਰ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਜਨਤਾ ਨਾਲ ਕੀਤੇ ਹੋਏ ਵਾਅਦੇ ਇੱਕ-ਇੱਕ ਕਰਕੇ ਪੂਰੇ ਕੀਤੇ ਜਾ ਰਹੇ ਹਨ ਸ,ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ ਮੈਡਮ ਰਾਜਵਿੰਦਰ ਕੌਰ ਚਾਹਲ ਉਦੋ ਨੰਗਲ ਮੈਂਬਰ ਬਲਾਕ ਸੰਮਤੀ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਇੱਕ ਅਜਿਹੀ ਸਰਕਾਰ ਹੈ, ਜਿਸ ਨੇ ਆਪਣੇ ਚਾਰ ਸਾਲ ਦੇ ਕਾਰਜਕਾਲ ਦੌਰਾਨ ਹਰ ਘਰ ਵਿੱਚ 600 ਯੂਨਿਟ ਬਿਨਾਂ ਕਿਸੇ ਸ਼ਰਤ ਮੁਫਤ, ਪੂਰੇ ਪੰਜਾਬ ਵਿੱਚ ਵਿਛਾਏ ਸੜਕਾਂ ਦੇ ਜਾਲ, ਨਹਿਰੀ ਪਾਣੀ ਨੂੰ ਖੇਤਾਂ ਤੱਕ ਪਹੁੰਚਾਉਣਾ, ਤੀਰਥ ਯਾਤਰਾ, ਆਮ ਆਦਮੀ ਕਲੀਨਿਕ, ਸਿੱਖਿਆ ਤੇ ਉਦਯੋਗਿਕ, ਖੇਤਰ ਵਿੱਚ ਆਈ ਕ੍ਰਾਂਤੀ, ਔਰਤਾਂ ਨੂੰ ਪ੍ਰਤੀ ਮਹੀਨਾ 1000 ਤੇ 1500 ਰੁਪਏ ਤੇ ਇਸ ਦੇ ਨਾਲ ਹੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਦਾ ਸਿਹਤ ਬੀਮਾ ਜੋ ਕਿ ਪੰਜਾਬ ਦੇ ਹਰ ਨਾਗਰਿਕ ਨੂੰ ਬਿਲਕੁਲ ਮੁਫਤ ਦਿੱਤਾ ਗਿਆ ਹੈ ਉਨ੍ਹਾਂ ਕਿਹਾ ਕਿ ਸਾਰੇ ਹੀ ਵਾਅਦੇ ਪੂਰੇ ਹੋਣ ਉਪਰ ਵਿਰੋਧੀ ਧਿਰਾਂ ਵਿੱਚ ਬੁਖਲਾਹਟ ਪਾਈ ਜਾ ਰਹੀ ਹੈ। ਗੱਲਬਾਤ ਦੌਰਾਨ ਦੋਵੇਂ ਆਗੂਆ ਨੇ ਕਿਹਾ ਕਿ 2027 ਵਿੱਚ ਆਮ ਆਦਮੀ ਪਾਰਟੀ ਆਪਣੇ ਕੰਮਾਂ ਤੇ ਜਨਤਾ ਨਾਲ ਕੀਤੇ ਵਾਅਦਿਆਂ ਦੀ ਪੂਰਤੀ ਦੇ ਦਮ ਉਪਰ ਪੰਜਾਬ ਵਿੱਚ ਮੁੜ ਤੋਂ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਵੇਗੀ।

आवाज़ि कौम AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਨਸ਼ਿਆਂ ਵਿਰੁੱਧ ਕਾਲਾਂਵਾਲੀ ਵਿੱਚ ਯੂਥ ਮੈਰਾਥਨ

ਵਿਸ਼ਾਲ ਕਾਨਫਰੰਸ ਵਿੱਚ ਮੁੱਖ ਮੰਤਰੀ ਸੈਣੀ ਅਤੇ ਜਥੇਦਾਰ ਦਾਦੂਵਾਲ ਨੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਦਿੱਤਾ ਸੱਦਾ

ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ, ਬੱਚਿਆਂ ਅਤੇ ਨੌਜਵਾਨਾਂ ਨੇ ਕੀਤੀ ਸ਼ਮੂਲੀਅਤ











ਆਵਾਜ਼ਿ ਕੌਮ AWAZE QAUM International Newspaper & WEB TV

ਤਲਵੰਡੀ ਸਾਬੋ, 22 ਨਵੰਬਰ (ਗੁਰਜੰਟ ਸਿੰਘ ਨਥੇਹਾ)-ਕਾਲਾਂਵਾਲੀ ਮੰਡੀ ਵਿਖੇ ਨਸ਼ਿਆਂ ਦੇ ਵਧ ਰਹੇ ਪ੍ਰਕੋਪ ਨੂੰ ਰੋਕਣ ਅਤੇ ਸਮਾਜ ਨੂੰ ਨਸ਼ਾ ਮੁਕਤ ਬਣਾਉਣ ਦੇ ਉਦੇਸ਼ ਨਾਲ ਨਸ਼ਿਆਂ ਵਿਰੁੱਧ ਚੇਤਨਾ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਇਸ ਮੌਕੇ ਕਰਵਾਈ ਗਈ ਯੂਥ ਮੈਰਾਥਨ ਯਾਤਰਾ ਅਤੇ ਵਿਸ਼ਾਲ ਕਾਨਫਰੰਸ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਲੋਕਾਂ, ਬੱਚਿਆਂ ਅਤੇ ਨੌਜਵਾਨਾਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਅਤੇ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਕਿਹਾ ਕਿ ਨਸ਼ਾ ਅੱਜ ਸਾਡੇ ਸਮਾਜ ਲਈ ਇੱਕ ਗੰਭੀਰ ਚੁਣੌਤੀ ਬਣ ਚੁੱਕਾ ਹੈ। ਨਸ਼ਿਆਂ ਕਾਰਨ ਜਿੱਥੇ ਨੌਜਵਾਨ ਪੀੜ੍ਹੀ ਦਾ ਭਵਿੱਖ ਬਰਬਾਦ ਹੋ ਰਿਹਾ ਹੈ, ਉੱਥੇ ਹੀ ਅਨੇਕਾਂ ਪਰਿਵਾਰਾਂ ਦੀਆਂ ਖੁਸ਼ੀਆਂ ਵੀ ਉੱਜੜ ਰਹੀਆਂ ਹਨ। ਇਸ ਲਈ ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਸਰਕਾਰ ਜਾਂ ਕਿਸੇ ਇੱਕ ਸੰਸਥਾ ਦੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿ ਕੇ ਖੇਡਾਂ, ਸਿੱਖਿਆ, ਧਾਰਮਿਕ ਗਤੀਵਿਧੀਆਂ ਅਤੇ ਸਮਾਜ ਸੇਵਾ ਨਾਲ ਜੁੜਨ। ਮਾਪਿਆਂ, ਅਧਿਆਪਕਾਂ ਅਤੇ ਸਮਾਜਿਕ ਸੰਸਥਾਵਾਂ ਨੂੰ ਵੀ ਅੱਗੇ ਆ ਕੇ ਬੱਚਿਆਂ ਨੂੰ ਸਹੀ ਦਿਸ਼ਾ ਦੇਣੀ ਚਾਹੀਦੀ ਹੈ।ਉਨ੍ਹਾਂ ਨੇ ਕਿਹਾ ਕਿ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਲਈ ਪਿੰਡ-ਪਿੰਡ ਅਤੇ ਘਰ-ਘਰ ਜਾਗਰੂਕਤਾ ਪਹੁੰਚਾਉਣ ਦੀ ਲੋੜ ਹੈ। ਨੌਜਵਾਨ ਦੇਸ਼ ਅਤੇ ਸਮਾਜ ਦਾ ਭਵਿੱਖ ਹਨ, ਇਸ ਲਈ ਉਨ੍ਹਾਂ ਨੂੰ ਬਚਾਉਣਾ ਸਾਡਾ ਸਾਰਿਆਂ ਦਾ ਫਰਜ਼ ਹੈ। ਮੈਰਾਥਨ ਦੌੜ ਵਿੱਚ ਪਹਿਲੇ ਦੂਜੇ ਤੀਜੇ ਸਥਾਨ ਤੇ ਆਉਣ ਵਾਲਿਆਂ ਨੂੰ ਲੱਖਾਂ ਰੁਪਈਏ ਦੇ ਇਨਾਮ ਵੀ ਮੌਕੇ ਤੇ ਦਿੱਤੇ ਗਏ। ਕਾਨਫਰੰਸ ਦੌਰਾਨ ਨਸ਼ਿਆਂ ਵਿਰੁੱਧ ਇਕਜੁੱਟ ਹੋ ਕੇ ਸੰਘਰਸ਼ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਦਾ ਸੰਦੇਸ਼ ਦਿੱਤਾ ਗਿਆ। ਇਲਾਕਾ ਨਿਵਾਸੀਆਂ ਦੀ ਵੱਡੀ ਸ਼ਮੂਲੀਅਤ ਨੇ ਇਸ ਮੁਹਿੰਮ ਪ੍ਰਤੀ ਲੋਕਾਂ ਦੀ ਜਾਗਰੂਕਤਾ ਅਤੇ ਸਮਾਜਿਕ ਜ਼ਿੰਮੇਵਾਰੀ ਨੂੰ ਉਜਾਗਰ ਕੀਤਾ। ••

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ

ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਦੇ ਓਐਸਡੀ ਡਾਕਟਰ ਪ੍ਰਭਲੀਨ ਸਿੰਘ ਨੇ ਮੱਥਾ ਟੇਕਿਆ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕੀਤੀ















ਗੁਰਦੁਆਰਾ ਗੁਰੂ ਗ੍ਰੰਥਸਰ ਦਾਦੂ ਸਾਹਿਬ ਸਿਰਸਾ ਹਰਿਆਣਾ ਵਿਖੇ ਅੱਜ 22 ਨਵੰਬਰ 2026 ਨੂੰ ਸ੍ਰੀ ਨਾਇਬ ਸਿੰਘ ਸੈਣੀ ਮੁੱਖ ਮੰਤਰੀ ਹਰਿਆਣਾ ਦੇ ਓਐਸਡੀ ਡਾਕਟਰ ਪ੍ਰਭਲੀਨ ਸਿੰਘ ਨੇ ਮੱਥਾ ਟੇਕਿਆ ਮੁੱਖ ਸੇਵਾਦਾਰ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਮੁਲਾਕਾਤ ਕੀਤੀ ਅਤੇ ਇਕੱਤਰ ਇਲਾਕੇ ਦੇ ਪੰਚ ਸਰਪੰਚਾਂ ਸੰਗਤਾਂ ਤੋਂ ਮੁਸ਼ਿਕਲਾਂ ਨੂੰ ਸੁਣਿਆ ਅਤੇ ਮੰਗ ਪੱਤਰ ਪ੍ਰਾਪਤ ਕੀਤੇ ਅਤੇ ਉਨਾਂ ਨੂੰ ਜਲਦੀ ਪੂਰਾ ਕਰਨ ਦਾ ਭਰੋਸਾ ਦਿੱਤਾ।



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਗੁਰੂ ਨਾਨਕ ਸਾਹਿਬ ਜੀ ਦਾ ਆਗਮਨ

“ਰਹਿਣ ਦੇ ਮਹਿਤਿਆ, ਮੈਂ ਤਾਂ ਬਹੁਤ ਰੱਜੀ — ਦੌਲਤਾਂ ਦਾਈ”



– ਪ੍ਰੋ. ਸਰਚਾਂਦ ਸਿੰਘ ਖਿਆਲਾ

ਸ੍ਰੀ ਗੁਰੂ ਨਾਨਕ ਸਾਹਿਬ ਮਹਾਰਾਜ ਜੀ ਦਾ ਪ੍ਰਕਾਸ਼ ਪੁਰਬ ਸਮੁੱਚੀ ਗੁਰੂ ਨਾਨਕ ਨਾਮ ਲੇਵਾ ਸੰਗਤ ਵੱਲੋਂ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਗੁਰੂ ਸਾਹਿਬ ਦਾ ਆਗਮਨ ਕੇਵਲ ਇੱਕ ਮਹਾਨ ਰੂਹਾਨੀ ਸ਼ਖ਼ਸੀਅਤ ਦਾ ਜਨਮ ਨਹੀਂ ਸੀ, ਸਗੋਂ ਮਨੁੱਖਤਾ ਦੇ ਹਨੇਰੇ ਵਿੱਚ ਗਿਆਨ, ਸੱਚ ਅਤੇ ਸਰਬ-ਸਾਂਝੀਵਾਲਤਾ ਦਾ ਚਾਨਣ ਲੈ ਕੇ ਆਈ ਰੱਬੀ ਜੋਤ ਦਾ ਪ੍ਰਕਾਸ਼ ਸੀ।

ਲਹਿੰਦੇ ਪੰਜਾਬ ਦੇ ਰਾਇ ਭੋਇ ਦੀ ਤਲਵੰਡੀ ਵਿਖੇ ਸੰਮਤ 1526 ਨੂੰ ਕੱਤਕ ਦੀ ਪੂਰਨਮਾਸ਼ੀ ਵਾਲੇ ਦਿਨ ਪਿਤਾ ਮਹਿਤਾ

ਆਵਾਜ਼ਿ ਕੌਮ
AWAZE QAUM
International Newspaper & WEB TV

ਕਲਿਆਣ ਦਾਸ ਜੀ, ਜਿਨ੍ਹਾਂ ਨੂੰ ਬਾਬਾ ਮਹਿਤਾ ਕਾਲੂ ਜੀ ਵੀ ਕਿਹਾ ਜਾਂਦਾ ਹੈ, ਅਤੇ ਮਾਤਾ ਤ੍ਰਿਪਤਾ ਜੀ ਦੇ ਘਰ ਗੁਰੂ ਨਾਨਕ ਸਾਹਿਬ ਜੀ ਦਾ ਆਗਮਨ ਹੋਇਆ। ਅੱਜ ਇਸ ਪਾਵਨ ਅਸਥਾਨ ਨੂੰ ਨਨਕਾਣਾ ਸਾਹਿਬ ਦੇ ਨਾਮ ਨਾਲ ਜਾਣਿਆ ਜਾਂਦਾ ਹੈ। ਗੁਰੂ ਸਾਹਿਬ ਦੀ ਵੱਡੀ ਭੈਣ ਬੀਬੀ ਨਾਨਕੀ ਜੀ ਦਾ ਉਨ੍ਹਾਂ ਦੇ ਪਰਿਵਾਰਕ ਅਤੇ ਅਧਿਆਤਮਕ ਜੀਵਨ ਵਿੱਚ ਵਿਸ਼ੇਸ਼ ਸਥਾਨ ਹੈ।

ਗੁਰੂ ਗੋਬਿੰਦ ਸਿੰਘ ਜੀ ਨੇ ਗੁਰੂ ਨਾਨਕ ਸਾਹਿਬ ਦੇ ਆਗਮਨ ਦਾ ਜ਼ਿਕਰ ਕਰਦਿਆਂ ‘ਪ੍ਰਗਟੇ’ ਸ਼ਬਦ ਦੀ ਵਰਤੋਂ ਕੀਤੀ ਹੈ:

“ਤਿਨ ਬੇਦੀਅਨ ਕੀ ਕੁਲ ਬਿਖੇ ਪ੍ਰਗਟੇ ਨਾਨਕ ਰਾਇ।”

‘ਪ੍ਰਗਟ ਹੋਣਾ’ ਅਤੇ ‘ਜਨਮ ਲੈਣਾ’ ਦੇ ਭਾਵ ਵਿੱਚ ਅੰਤਰ ਹੈ। ਜੋਤਿ ਸਦੀਵੀ ਹੈ, ਪਰ ਜਦੋਂ ਉਹ ਕਿਸੇ ਸਰੂਪ ਵਿੱਚ ਸੰਸਾਰ ਸਾਹਮਣੇ ਪ੍ਰਗਟ ਹੁੰਦੀ ਹੈ ਤਾਂ ਮਨੁੱਖ ਉਸ ਦਾ ਦਰਸ਼ਨ ਕਰ ਸਕਦਾ ਹੈ। ਗੁਰਬਾਣੀ ਦਾ ਫ਼ਰਮਾਨ ਹੈ:

“ਜੋਤਿ ਰੂਪਿ ਹਰਿ ਆਪਿ ਗੁਰੂ ਨਾਨਕੁ ਕਹਾਇਓ।”

ਭਾਈ ਗੁਰਦਾਸ ਜੀ ਵੀ ਲਿਖਦੇ ਹਨ:

“ਧੰਨਿ ਧੰਨਿ ਬੇਦੀ ਕੁਲ ਜਿਨਿ ਗੁਰ ਨਾਨਕੁ ਪ੍ਰਗਟਾਇਆ।”

ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਤੋਂ ਪਹਿਲਾਂ ਮਾਤਾ ਤ੍ਰਿਪਤਾ ਜੀ ਦੀ ਅਵਸਥਾ ਬਾਰੇ ਜਨਮ-ਸਾਖੀਆਂ ਵਿੱਚ ਭਾਵਪੂਰਨ ਵਰਣਨ ਮਿਲਦਾ ਹੈ। ਇੱਕ ਪ੍ਰਸੰਗ ਅਨੁਸਾਰ, ਜਿਸ ਦਿਨ ਸਤਿਗੁਰੂ ਨੇ ਮਾਤਾ ਦੇ ਉਦਰ ਵਿੱਚ ਨਿਵਾਸ ਕੀਤਾ, ਉਸ ਦਿਨ ਤੋਂ ਉਨ੍ਹਾਂ ਦੇ ਮਨ ਵਿੱਚ ਅਨੋਖਾ ਅਨੰਦ ਅਤੇ ਖ਼ੁਸ਼ੀ ਪੈਦਾ ਹੋ ਗਈ। ਮਾਤਾ ਜੀ ਦੇ ਚਿਹਰੇ ’ਤੇ ਛਾਈ ਰੌਣਕ ਅਤੇ ਗਹਿਣੇ ਉਤਾਰ ਦੇਣ ਦਾ ਜ਼ਿਕਰ ਵੀ ਇਸੇ ਅੰਦਰੂਨੀ ਅਵਸਥਾ ਦੇ ਪ੍ਰਤੀਕ ਵਜੋਂ ਮਿਲਦਾ ਹੈ।

ਗੁਰੂ ਨਾਨਕ ਸਾਹਿਬ ਮਹਾਰਾਜ ਜੀ ਦੇ ਆਗਮਨ ਨਾਲ ਜੁੜਿਆ ਦੌਲਤਾਂ ਦਾਈ ਦਾ ਪ੍ਰਸੰਗ ਬਹੁਤ ਹੀ ਵੈਰਾਮਗਈ ਤੇ ਭਾਵਪੂਰਨ ਹੈ। ਜਨਮ-ਸਾਖੀ ਪਰੰਪਰਾ ਅਨੁਸਾਰ ਦੌਲਤਾਂ ਇੱਕ ਮੁਸਲਮਾਨ ਔਰਤ ਸੀ, ਜੋ ਪਿੰਡ ਵਿੱਚ ਬੱਚਿਆਂ ਦੇ ਜਨਮ ਸਮੇਂ ਦਾਈ ਵਜੋਂ ਸੇਵਾ ਕਰਦੀ ਅਤੇ ਇਸੇ ਕੰਮ ਤੋਂ ਮਿਲਣ ਵਾਲੇ ਅਨਾਜ, ਕੱਪੜਿਆਂ ਤੇ ਹੋਰ ਵਸਤਾਂ ਨਾਲ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੀ ਸੀ।

ਇੱਕ ਵਾਰ ਉਹ ਬਾਬਾ ਕਾਲੂ ਜੀ ਕੋਲ ਆਪਣੀਆਂ ਲੋੜਾਂ ਲੈ ਕੇ ਆਈ। ਉਸ ਨੇ ਕਿਹਾ ਕਿ ਮਹਿਤਾ ਜੀ, ਤੁਹਾਡੇ ਘਰ ਧੀ ਦੀ ਦਾਤ ਆਈ ਹੈ, ਖ਼ੁਦਾਵੰਦ ਕਰੀਮ ਤੁਹਾਨੂੰ ਪੁੱਤਰ ਦੀ ਦਾਤ ਵੀ ਦੇਵੇ। ਸਿਆਲ ਦੇ ਦਿਨ ਆ ਰਹੇ ਹਨ। ਮੈਨੂੰ ਚਾਰ ਮਣ ਕਣਕ, ਤਨ ਢੱਕਣ ਲਈ ਕੱਪੜੇ ਅਤੇ ਕੁਝ ਪੈਸੇ ਦੇ ਦਿਓ, ਤਾਂ ਜੋ ਮੇਰੇ ਬੱਚਿਆਂ ਦਾ ਗੁਜ਼ਾਰਾ ਹੋ ਸਕੇ। ਬਾਬਾ ਕਾਲੂ ਜੀ ਨੇ ਉਸ ਨੂੰ ਭਰੋਸਾ ਦਿੱਤਾ ਕਿ ਉਸ ਦੀਆਂ ਲੋੜਾਂ ਪੂਰੀਆਂ ਕੀਤੀਆਂ ਜਾਣਗੀਆਂ।

ਕੱਤਕ ਦੀ ਪੂਰਨਮਾਸ਼ੀ ਦੀ ਰਾਤ ਗੁਰੂ ਨਾਨਕ ਸਾਹਿਬ ਜੀ ਦਾ ਆਗਮਨ ਹੋਇਆ। ਦੌਲਤਾਂ ਦਾਈ ਮਾਤਾ ਤ੍ਰਿਪਤਾ ਜੀ ਦੀ ਸੇਵਾ ਲਈ ਪਹੁੰਚੀ। ਉਸ ਨੇ ਜਦੋਂ ਨਵਜੰਮੇ ਬਾਲਕ ਵੱਲ ਵੇਖਿਆ ਤਾਂ ਬਾਲਕ ਨੇ ਰੋਣ ਦੀ ਥਾਂ ਉਸ ਵੱਲ ਦੇਖ ਕੇ ਮੁਸਕਰਾਹਟ ਦਿੱਤੀ। ਆਪਣੇ ਜੀਵਨ ਵਿੱਚ ਅਨੇਕਾਂ ਬੱਚਿਆਂ ਦੇ ਜਨਮ ਸਮੇਂ ਸੇਵਾ ਕਰ ਚੁੱਕੀ ਦੌਲਤਾਂ ਲਈ ਇਹ ਅਨੋਖਾ ਅਨੁਭਵ ਸੀ।

ਜਦੋਂ ਉਹ ਬਾਹਰ ਆਈ ਤਾਂ ਉਸ ਦੀਆਂ ਅੱਖਾਂ ਹੰਝੂਆਂ ਨਾਲ ਭਰੀਆਂ ਹੋਈਆਂ ਸਨ। ਬਾਬਾ ਕਾਲੂ ਜੀ ਨੇ ਉਸ ਦੀ ਹਾਲਤ ਦੇਖ ਕੇ ਮਾਤਾ ਜੀ ਅਤੇ ਬੱਚੇ ਦੀ ਸੁੱਖ-ਸਾਂਦ ਪੁੱਛੀ। ਦੌਲਤਾਂ ਨੇ ਗਲਾ ਭਰ ਆਉਣ ਕਾਰਨ ਬੜੀ ਮੁਸ਼ਕਲ ਨਾਲ ਕਿਹਾ, “ਮਹਿਤਾ ਜੀ, ਤੁਹਾਨੂੰ ਵਧਾਈ ਹੋਵੇ। ਅੱਲ੍ਹਾ ਨੇ ਤੁਹਾਨੂੰ ਪੁੱਤਰ ਦੀ ਦਾਤ ਦਿੱਤੀ ਹੈ।”

ਬਾਬਾ ਕਾਲੂ ਜੀ ਨੇ ਉਸ ਨੂੰ ਪੈਸਿਆਂ, ਕੱਪੜਿਆਂ ਅਤੇ ਅਨਾਜ ਨਾਲ ਭਾਂਡਾ ਭਰਨ ਲਈ ਕਿਹਾ। ਪਰ ਦੌਲਤਾਂ ਨੇ ਇਹ ਸਭ ਲੈਣ ਤੋਂ ਇਨਕਾਰ ਕਰਦਿਆਂ ਆਖਿਆ: “ਰਹਿਣ ਦੇ ਮਹਿਤਿਆ, ਮੈਂ ਤਾਂ ਬਹੁਤ ਰੱਜੀ।”

ਇਹ ਕੇਵਲ ਇੱਕ ਵਾਕ ਨਹੀਂ, ਸਗੋਂ ਰੂਹਾਨੀ ਤ੍ਰਿਪਤੀ ਦਾ ਅਜਿਹਾ ਪ੍ਰਗਟਾਵਾ ਸੀ, ਜਿਸ ਦੀ ਡੂੰਘਾਈ ਨੂੰ ਸਮਝਣ ਲਈ ਮਨੁੱਖ ਨੂੰ ਆਪਣੇ ਅੰਦਰ ਝਾਤ ਮਾਰਨੀ ਪੈਂਦੀ ਹੈ। ਜਿਸ ਔਰਤ ਨੇ ਕੁਝ ਸਮਾਂ ਪਹਿਲਾਂ ਨਿਰਬਾਹ ਲਈ ਵਸਤਾਂ ਦੀ ਮੰਗ ਕੀਤੀ ਸੀ, ਉਹੀ ਹੁਣ ਦੁਨਿਆਵੀ ਦੌਲਤ ਨੂੰ ਠੁਕਰਾ ਕੇ ਕਹਿ ਰਹੀ ਸੀ ਕਿ ਉਹ ਤਾਂ ਰੱਜ ਗਈ ਹੈ।

ਦੌਲਤਾਂ ਨੇ ਦੱਸਿਆ ਕਿ ਉਸ ਦੇ ਮਾਪਿਆਂ ਨੇ ਉਸ ਦਾ ਨਾਮ ਤਾਂ ਦੌਲਤਾ ਰੱਖਿਆ ਸੀ, ਪਰ ਜੀਵਨ ਭਰ ਉਹ ਲੋੜਾਂ ਅਤੇ ਤੰਗੀਆਂ ਨਾਲ ਜੂਝਦੀ ਰਹੀ। ਅੱਜ ਇਸ ਬਾਲਕ ਦੇ ਪਹਿਲੇ ਦੀਦਾਰ ਅਤੇ ਮੁਸਕਰਾਹਟ ਨੇ ਉਸ ਦੇ ਅੰਦਰ ਅਜਿਹੀ ਤਬਦੀਲੀ ਲਿਆਂਦੀ ਹੈ ਕਿ ਹੁਣ ਉਸ ਦਾ ਕੁਝ ਮੰਗਣ ਨੂੰ ਜੀਅ ਨਹੀਂ ਕਰਦਾ। ਉਸ ਦੇ ਹੰਝੂ ਦੁੱਖ ਦੇ ਨਹੀਂ, ਸਗੋਂ ਅੰਦਰਲੀ ਤ੍ਰਿਪਤੀ ਦੇ ਸਨ।

ਇਸ ਪ੍ਰਸੰਗ ਦਾ ਵੈਰਾਗਮਈ ਪੱਖ ਵੀ ਬਹੁਤ ਮਹੱਤਵਪੂਰਨ ਹੈ। ਵੈਰਾਗ ਦਾ ਅਰਥ ਦੁਨੀਆ ਤੋਂ ਭੱਜਣਾ ਜਾਂ ਜ਼ਿੰਮੇਵਾਰੀਆਂ ਛੱਡਣਾ ਨਹੀਂ, ਸਗੋਂ ਦੁਨਿਆਵੀ ਪਦਾਰਥਾਂ ਦੀ ਅੰਨ੍ਹੀ ਲਾਲਸਾ ਤੋਂ ਮੁਕਤ ਹੋਣਾ ਹੈ। ਦੌਲਤਾਂ ਦਾਈ ਦੀ ਬਦਲੀ ਹੋਈ ਅਵਸਥਾ ਇਸੇ ਅੰਦਰੂਨੀ ਵੈਰਾਗ ਅਤੇ ਸੰਤੋਖ ਦੀ ਤਸਵੀਰ ਪੇਸ਼ ਕਰਦੀ ਹੈ। ਉਸ ਨੂੰ ਅਜਿਹੀ ਰੂਹਾਨੀ ਦਾਤ ਮਿਲ ਗਈ ਸੀ, ਜਿਸ ਦੇ ਸਾਹਮਣੇ ਸਾਰੀਆਂ ਪਦਾਰਥਕ ਦਾਤਾਂ ਛੋਟੀਆਂ ਪੈ ਗਈਆਂ।

ਅੱਗੇ ਪੰਡਿਤ ਹਰਦਿਆਲ ਜੀ ਵੱਲੋਂ ਬਾਲਕ ਨਾਨਕ ਦੇ ਮੱਥੇ ਉੱਤੇ ਰੂਹਾਨੀ ਤੇਜ ਦੇ ਦਰਸ਼ਨ ਕਰਕੇ ਉਨ੍ਹਾਂ ਦੇ ਮਹਾਨ ਭਵਿੱਖ ਬਾਰੇ ਭਵਿੱਖਬਾਣੀ ਕਰਨ ਦਾ ਜ਼ਿਕਰ ਵੀ ਆਉਂਦਾ ਹੈ। ਇਹ ਛਤਰ ਕਿਸੇ ਦੁਨਿਆਵੀ ਰਾਜ-ਭਾਗ ਜਾਂ ਤਖ਼ਤ ਦਾ ਹੀ ਨਹੀਂ, ਸਗੋਂ ਰੂਹਾਨੀ ਮਹਾਨਤਾ ਅਤੇ ਲੋਕਾਈ ਦੇ ਦਿਲਾਂ ਉੱਤੇ ਰਾਜ ਕਰਨ ਦਾ ਪ੍ਰਤੀਕ ਸੀ।

ਗੁਰੂ ਨਾਨਕ ਸਾਹਿਬ ਜੀ ਦੀ ਮਹਾਨਤਾ ਨੂੰ ਸ਼ੁਰੂਆਤ ’ਚ ਪਛਾਣਨ ਵਾਲਿਆਂ ਵਿੱਚ ਰਾਇ ਬੁਲਾਰ ਦਾ ਨਾਮ ਵਿਸ਼ੇਸ਼ ਸਤਿਕਾਰ ਨਾਲ ਲਿਆ ਜਾਂਦਾ ਹੈ। ਗੁਰੂ ਸਾਹਿਬ ਦੇ ਬਚਪਨ ਨਾਲ ਜੁੜੀਆਂ ਕਈ ਘਟਨਾਵਾਂ ਦਾ ਜ਼ਿਕਰ ਮਿਲਦਾ ਹੈ, ਜਿਨ੍ਹਾਂ ਨੇ ਰਾਇ ਬੁਲਾਰ ਦੇ ਮਨ ਵਿੱਚ ਉਨ੍ਹਾਂ ਪ੍ਰਤੀ ਅਥਾਹ ਸ਼ਰਧਾ ਪੈਦਾ ਕੀਤੀ।

ਇੱਕ ਵਾਰ ਗੁਰੂ ਨਾਨਕ ਸਾਹਿਬ ਜੀ ਦੀਆਂ ਮੱਝਾਂ ਇੱਕ ਜ਼ਿਮੀਂਦਾਰ ਦੇ ਖੇਤ ਵਿੱਚ ਚਲੀਆਂ ਗਈਆਂ। ਜ਼ਿਮੀਂਦਾਰ ਨੇ ਸ਼ਿਕਾਇਤ ਕੀਤੀ ਕਿ ਉਸ ਦਾ ਖੇਤ ਉਜੜ ਗਿਆ ਹੈ। ਗੁਰੂ ਸਾਹਿਬ ਨੇ ਉਸ ਨੂੰ ਆਖਿਆ, “ਭਾਈ ਵੇ, ਤੇਰਾ ਕੁਝ ਨਹੀਂ ਉੱਜੜਿਆ।” ਜਦੋਂ ਰਾਇ ਬੁਲਾਰ ਨੇ ਬਾਬਾ ਕਾਲੂ ਜੀ ਨੂੰ ਬੁਲਾਇਆ ਤਾਂ ਉਹ ਕਿਸੇ ਸ਼ਿਕਾਇਤ ਦੀ ਆਸ ਨਾਲ ਉੱਥੇ ਪਹੁੰਚੇ। ਪਰ ਰਾਇ ਬੁਲਾਰ ਨੇ ਉੱਠ ਕੇ ਉਨ੍ਹਾਂ ਦਾ ਹੱਥ ਫੜਿਆ ਅਤੇ ਚੁੰਮਿਆ। ਉਸ ਦੀਆਂ ਅੱਖਾਂ ਵਿੱਚ ਸ਼ਰਧਾ ਦੇ ਹੰਝੂ ਸਨ। ਉਸ ਨੇ ਆਖਿਆ: “ਵੇ ਕਾਲੂ, ਨਾਨਕ ਨੂੰ ਕਿਤੇ ਫਿੱਟ ਮਾਰਨਾ ਨਾ ਆਖੀਂ।” ਭਾਵ, ਨਾਨਕ ਕੋਈ ਆਮ ਬਾਲਕ ਨਹੀਂ; ਉਸ ਦੀ ਹੋਂਦ ਇਸ ਨਗਰ ਲਈ ਬਰਕਤ ਹੈ। ਤੂੰ ਭਾਗਾਂ ਵਾਲਾ ਹੈਂ ਕਿ ਅਜਿਹਾ ਪੁੱਤਰ ਤੇਰੇ ਘਰ ਆਇਆ ਹੈ ਅਤੇ ਮੈਂ ਵੀ ਖੁਸ਼ਿਕਸਮਤ ਹਾਂ ਕਿ ਅਜਿਹੀ ਮਹਾਨ ਰੂਹ ਮੇਰੇ ਨਗਰ ਵਿੱਚ ਪ੍ਰਗਟ ਹੋਈ ਹੈ।

ਸੱਚਾ ਸੌਦਾ ਵਾਲੇ ਪ੍ਰਸੰਗ ਤੋਂ ਬਾਅਦ ਵੀ ਰਾਇ ਬੁਲਾਰ ਦੀ ਸ਼ਰਧਾ ਹੋਰ ਵਧੀ, ਉਨਾਂ ਨੇ ਆਪਣੀ ਜ਼ਮੀਨ ਦਾ ਵੱਡਾ ਹਿੱਸਾ, ਲਗਭਗ 750 ਮੁਰੱਬੇ,(19 ਹਜਾਰ ਏਕੜ ਦੇ ਕਰੀਬ) ਗੁਰੂ ਨਾਨਕ ਸਾਹਿਬ ਜੀ ਨੂੰ ਸਮਰਪਿਤ ਕੀਤਾ ਜੋ ਅਜ ਵੀ ਗੁਰੂ ਨਾਨਕ ਸਾਹਿਬ ਦੇ ਨਾਮ ਹੈ। ਰਾਇ ਭੋਇ ਦੀ ਤਲਵੰਡੀ ਨੂੰ ਗੁਰੂ ਸਾਹਿਬ ਦੀ ਪਵਿੱਤਰ ਯਾਦ ਨਾਲ ਜੋੜ ਕੇ ਨਨਕਾਣਾ ਸਾਹਿਬ ਵਜੋਂ ਪਛਾਣ ਦੇਣ ਵਿੱਚ ਵੀ ਉਸ ਦੀ ਅਹਿਮ ਭੂਮਿਕਾ ਰਹੀ।

ਭਾਈ ਗੁਰਦਾਸ ਜੀ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਦਾ ਵਰਣਨ ਕਰਦਿਆਂ ਲਿਖਦੇ ਹਨ:

“ਸਤਿਗੁਰ ਨਾਨਕ ਪ੍ਰਗਟਿਆ ਮਿਟੀ ਧੁੰਧੁ ਜਗਿ ਚਾਨਣੁ ਹੋਆ।” ਅਤੇ “ਕਲਿ ਤਾਰਣਿ ਗੁਰੁ ਨਾਨਕੁ ਆਇਆ।”

ਜਿਵੇਂ ਸੂਰਜ ਦੇ ਚੜ੍ਹਨ ਨਾਲ ਹਨੇਰਾ ਮਿਟਦਾ ਹੈ ਅਤੇ ਚਾਨਣ ਫੈਲਦਾ ਹੈ, ਉਸੇ ਤਰ੍ਹਾਂ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਨਾਲ ਅਗਿਆਨਤਾ, ਵਹਿਮਾਂ-ਭਰਮਾਂ, ਭੇਖਾਂ ਅਤੇ ਸਮਾਜਿਕ ਵੰਡਾਂ ਦੇ ਹਨੇਰੇ ਵਿੱਚ ਗਿਆਨ ਦਾ ਚਾਨਣ ਫੈਲਿਆ। ਸਿੱਧਾਂ ਨੇ ਵੀ ਗੁਰੂ ਸਾਹਿਬ ਦੀ ਰੂਹਾਨੀ ਮਹਾਨਤਾ ਨੂੰ ਸਵੀਕਾਰ ਕੀਤਾ:“ਸਿੱਧ ਬੋਲਨਿ ਸੁਭ ਬਚਨ ਧੰਨ ਨਾਨਕ ਤੇਰੀ ਵਡੀ ਕਮਾਈ।”

ਅੱਜ ਅਸੀਂ ਗੁਰੂ ਨਾਨਕ ਸਾਹਿਬ ਲਈ ਕਈ ਵਿਸ਼ੇਸ਼ਣ ਵਰਤਦੇ ਹਾਂ—ਕ੍ਰਾਂਤੀਕਾਰੀ ਗੁਰੂ, ਸਮਾਜ ਸੁਧਾਰਕ ਅਤੇ ਇਨਕਲਾਬੀ ਗੁਰੂ ਆਦਿ। ਇਨ੍ਹਾਂ ਦੀ ਆਪਣੀ ਥਾਂ ਹੈ, ਪਰ ਗੁਰੂ ਸਾਹਿਬ ਨੂੰ ਸਮਝਣ ਦਾ ਸਭ ਤੋਂ ਪ੍ਰਮਾਣਿਕ ਆਧਾਰ ਉਨ੍ਹਾਂ ਦੀ ਆਪਣੀ ਬਾਣੀ ਹੈ। ਮਾਰੂ ਰਾਗ ਵਿੱਚ ਗੁਰੂ ਨਾਨਕ ਸਾਹਿਬ ਫ਼ਰਮਾਉਂਦੇ ਹਨ:

“ਕੋਈ ਆਖੈ ਭੂਤਨਾ ਕੋ ਕਹੈ ਬੇਤਾਲਾ। ਕੋਈ ਆਖੈ ਆਦਮੀ ਨਾਨਕੁ ਵੇਚਾਰਾ।”

ਲੋਕ ਆਪਣੀ-ਆਪਣੀ ਸਮਝ ਅਨੁਸਾਰ ਉਨ੍ਹਾਂ ਬਾਰੇ ਵੱਖ-ਵੱਖ ਗੱਲਾਂ ਕਰਦੇ ਸਨ। ਪਰ ਗੁਰੂ ਸਾਹਿਬ ਆਪਣੀ ਅੰਦਰਲੀ ਅਵਸਥਾ ਬਾਰੇ ਆਖਦੇ ਹਨ: ”ਭਇਆ ਦਿਵਾਨਾ ਸਾਹ ਕਾ ਨਾਨਕੁ ਬਉਰਾਨਾ ॥ ਹਉ ਹਰਿ ਬਿਨੁ ਅਵਰੁ ਨ ਜਾਨਾ ॥”

ਭਾਵ, ਨਾਨਕ ਤਾਂ ਆਪਣੇ ਸ਼ਾਹ ਪਰਮਾਤਮਾ ਦਾ ਦੀਵਾਨਾ ਹੈ। ਉਸ ਦੀ ਸੁਰਤ ਪਰਮਾਤਮਾ ਦੇ ਨਾਮ ਵਿੱਚ ਲੀਨ ਹੈ ਅਤੇ ਉਸ ਤੋਂ ਬਿਨਾਂ ਕਿਸੇ ਹੋਰ ਨੂੰ ਨਹੀਂ ਜਾਣਦੀ। ਜਿੱਥੇ ਆਮ ਮਨੁੱਖ ਥੋੜ੍ਹੇ ਜਿਹੇ ਗਿਆਨ ਜਾਂ ਪ੍ਰਾਪਤੀ ਨਾਲ ਆਪਣੇ ਆਪ ਨੂੰ ਵੱਡਾ ਸਮਝਣ ਲੱਗ ਪੈਂਦਾ ਹੈ, ਉੱਥੇ ਗੁਰੂ ਨਾਨਕ ਸਾਹਿਬ ਦੀ ਬਾਣੀ ਮਨੁੱਖ ਨੂੰ ਨਿਮਰਤਾ ਅਤੇ ਪ੍ਰਭੂ-ਭਗਤੀ ਦਾ ਮਾਰਗ ਦਿਖਾਉਂਦੀ ਹੈ।



ਗੁਰੂ ਜੋਤਿ ਦੇ ਅਗਲੇ ਸਰੂਪਾਂ ਨੇ ਵੀ ਗੁਰੂ ਨਾਨਕ ਸਾਹਿਬ ਦੀ ਮਹਾਨਤਾ ਨੂੰ ਆਪਣੀ ਬਾਣੀ ਵਿੱਚ ਬੜੀ ਸ਼ਰਧਾ ਨਾਲ ਬਿਆਨ ਕੀਤਾ ਹੈ। ਗੁਰੂ ਅੰਗਦ ਦੇਵ ਜੀ ਫ਼ਰਮਾਉਂਦੇ ਹਨ:

“ਦੀਖਿਆ ਆਖਿ ਬੁਝਾਇਆ ਸਿਫਤੀ ਸਚਿ ਸਮੇਉ ॥ ਤਿਨ ਕਉ ਕਿਆ ਉਪਦੇਸੀਐ ਜਿਨ ਗੁਰੁ ਨਾਨਕ ਦੇਉ ॥1॥”

ਗੁਰੂ ਰਾਮਦਾਸ ਜੀ ਫ਼ਰਮਾਉਂਦੇ ਹਨ:

“ਧਨੁ ਧੰਨੁ ਗੁਰੂ ਨਾਨਕੁ ਸਮਦਰਸੀ ਜਿਨਿ ਨਿੰਦਾ ਉਸਤਤਿ ਤਰੀ ਤਰਾਂਤਿ ॥ ”

ਗੁਰੂ ਅਰਜਨ ਦੇਵ ਜੀ ਵੀ ਗੁਰੂ ਨਾਨਕ ਸਾਹਿਬ ਦੀ ਮਹਿਮਾ ਕਰਦਿਆਂ ਆਖਦੇ ਹਨ:

“ਗਿਆਨੁ ਧਿਆਨੁ ਕਿਛੁ ਕਰਮੁ ਨ ਜਾਣਾ ਸਾਰ ਨ ਜਾਣਾ ਤੇਰੀ।

ਸਭ ਤੇ ਵਡਾ ਸਤਿਗੁਰੁ ਨਾਨਕੁ ਜਿਨਿ ਕਲ ਰਾਖੀ ਮੇਰੀ।”

ਇਹ ਬਚਨ ਸਪੱਸ਼ਟ ਕਰਦੇ ਹਨ ਕਿ ਗੁਰੂ ਨਾਨਕ ਸਾਹਿਬ ਦੀ ਮਹਿਮਾ ਕੇਵਲ ਸਮਕਾਲੀ ਲੋਕਾਂ ਨੇ ਹੀ ਨਹੀਂ ਪਛਾਣੀ, ਸਗੋਂ ਗੁਰੂ ਜੋਤਿ ਦੇ ਅਗਲੇ ਸਰੂਪਾਂ ਨੇ ਵੀ ਉਨ੍ਹਾਂ ਦੀ ਰੂਹਾਨੀ ਮਹਾਨਤਾ ਨੂੰ ਸਤਿਕਾਰ ਸਹਿਤ ਪ੍ਰਗਟ ਕੀਤਾ।

ਗੁਰੂ ਦੀ ਮਹਿਮਾ ਸਮਝਣ ਲਈ ਬੁੱਧੀ ਅਤੇ ਤਰਕ ਦੇ ਨਾਲ ਸ਼ਰਧਾ ਤੇ ਨਿਮਰਤਾ ਦੀ ਵੀ ਲੋੜ ਹੈ। ਸ਼ਰਧਾ ਦਾ ਅਰਥ ਅੱਖਾਂ ਬੰਦ ਕਰਕੇ ਹਰ ਗੱਲ ਮੰਨ ਲੈਣਾ ਨਹੀਂ, ਸਗੋਂ ਗੁਰੂ ਦੀ ਬਾਣੀ ਨੂੰ ਸਤਿਕਾਰ ਨਾਲ ਸੁਣਨਾ, ਵਿਚਾਰਨਾ ਅਤੇ ਜੀਵਨ ਵਿੱਚ ਧਾਰਨ ਕਰਨਾ ਹੈ। ਗੁਰੂ ਨਾਨਕ ਸਾਹਿਬ ਦੀ ਸਿੱਖਿਆ ਸਾਨੂੰ ਸੱਚ, ਸੇਵਾ, ਸੰਤੋਖ, ਨਿਰਵੈਰਤਾ ਅਤੇ ਸਾਂਝੀਵਾਲਤਾ ਦੇ ਮਾਰਗ ’ਤੇ ਤੋਰਦੀ ਹੈ।

ਦੌਲਤਾਂ ਦਾਈ ਦਾ “ਮੈਂ ਤਾਂ ਬਹੁਤ ਰੱਜੀ” ਕਹਿਣਾ ਅਤੇ ਰਾਇ ਬੁਲਾਰ ਦਾ “ਨਾਨਕ ਨੂੰ ਕਿਤੇ ਫਿੱਟ ਮਾਰਨਾ ਨਾ ਆਖੀਂ” ਆਖਣਾ—ਦੋਵੇਂ ਪ੍ਰਸੰਗ ਗੁਰੂ ਨਾਨਕ ਸਾਹਿਬ ਜੀ ਦੇ ਆਗਮਨ ਦੀ ਮਹਾਨਤਾ ਨੂੰ ਵੱਖ-ਵੱਖ ਰੂਪਾਂ ਵਿੱਚ ਉਜਾਗਰ ਕਰਦੇ ਹਨ। ਇੱਕ ਪਾਸੇ ਗੁਰੂ ਸਾਹਿਬ ਦੇ ਪਹਿਲੇ ਦੀਦਾਰ ਨਾਲ ਇੱਕ ਲੋੜਵੰਦ ਔਰਤ ਦੀ ਅੰਦਰਲੀ ਭੁੱਖ ਮਿਟਦੀ ਹੈ,ਤੇ ਦੁਨਿਆਵੀ ਦੌਲਤ ਲੈਣ ਤੋਂ ਇਨਕਾਰੀ ਹੈ ਤਾਂ ਦੂਜੇ ਪਾਸੇ ਇੱਕ ਹਾਕਮ ਆਪਣੀ ਅੱਧੀ ਜਾਇਦਾਦ ਗੁਰੂ ਸਾਹਿਬ ਦੇ ਨਾਮ ਲਵਾ ਕੇ ਉਨ੍ਹਾਂ ਦੀ ਮਹਾਨਤਾ ਅੱਗੇ ਨਤਮਸਤਕ ਹੁੰਦਾ ਹੈ।

ਗੁਰੂ ਨਾਨਕ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਦਾ ਸੱਚਾ ਅਰਥ ਕੇਵਲ ਉਨ੍ਹਾਂ ਦੀ ਮਹਿਮਾ ਦਾ ਗੁਣਗਾਨ ਕਰਨਾ ਨਹੀਂ, ਸਗੋਂ ਉਨ੍ਹਾਂ ਦੀ ਬਾਣੀ ਅਤੇ ਸਿੱਖਿਆ ਨੂੰ ਆਪਣੇ ਜੀਵਨ ਦਾ ਆਧਾਰ ਬਣਾਉਣਾ ਹੈ। ਇਹੀ ਰੂਹਾਨੀ ਚਾਨਣ ਮਨੁੱਖ ਨੂੰ ਹਉਮੈ ਤੋਂ ਮੁਕਤ ਕਰਕੇ ਸੱਚ, ਸ

ਦਿੱਲੀ ਬੇਅਦਬੀ ਮਾਮਲੇ ਪਿੱਛੇ ਬਾਦਲ ਦਲ ਦੀ ਭੂਮਿਕਾ ਹੋਣ ਦਾ ਖਦਸ਼ਾ: ਕਾਲਕਾ, ਕਾਹਲੋਂ

ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨਾਲ ਮੁਲਾਕਾਤ ਕਰਕੇ ਸਾਰੇ ਤੱਥ ਪੇਸ਼ ਕਰੇਗੀ ਦਿੱਲੀ ਗੁਰਦੁਆਰਾ ਕਮੇਟੀ; ਪੰਜਾਬ ਵਿੱਚ 453 ਬੇਅਦਬੀ ਮਾਮਲਿਆਂ 'ਤੇ ਕਾਰਵਾਈ ਕਿਉਂ ਨਹੀਂ ਹੋਈ



ਨਵੀਂ ਦਿੱਲੀ, 22 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦਿੱਲੀ ਦੇ ਸਾਹਿਬਪੁਰਾ ਵਿਖੇ ਵਾਪਰੀ ਬੇਅਦਬੀ ਦੀ ਘਟਨਾ ਪਿੱਛੇ ਬਾਦਲ ਦਲ ਦੇ ਲੋਕਾਂ ਦੀ ਭੂਮਿਕਾ ਹੋਣ ਦਾ ਖਦਸ਼ਾ ਪ੍ਰਗਟ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਕਮੇਟੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਨਾਲ ਮੁਲਾਕਾਤ ਕਰਕੇ ਸਾਰੇ ਤੱਥ ਪੇਸ਼ ਕਰੇਗੀ ਅਤੇ ਅਪੀਲ ਕਰੇਗੀ ਕਿ ਕਮੇਟੀ ਦਾ ਪੱਖ ਸੁਣਨ ਤੋਂ ਬਾਅਦ ਹੀ ਕੋਈ ਫੈਸਲਾ ਲਿਆ ਜਾਵੇ। ਉਨ੍ਹਾਂ ਦੱਸਿਆ ਕਿ ਬੇਅਦਬੀ ਦੀ ਘਟਨਾ ਸਮੇਂ ਕਮੇਟੀ ਦਫ਼ਤਰ ਵਿੱਚ ਮੀਟਿੰਗ ਚੱਲ ਰਹੀ ਸੀ ਅਤੇ ਜਾਣਕਾਰੀ ਮਿਲਦਿਆਂ ਹੀ ਕਮੇਟੀ ਮੈਂਬਰ ਬੀਬੀ ਰਣਜੀਤ ਕੌਰ ਤੇ ਸਰਦਾਰ ਰਮਿੰਦਰ ਸਿੰਘ ਸਵੀਟਾ ਤਿਲਕ ਨਗਰ ਥਾਣੇ ਪਹੁੰਚੇ, ਜਿੱਥੇ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਦੇ ਪ੍ਰਬੰਧਕਾਂ ਨੇ ਦੋਸ਼ੀ ਨੂੰ ਪੁਲਿਸ ਹਵਾਲੇ ਕੀਤਾ ਸੀ। ਉਨ੍ਹਾਂ ਦਾਅਵਾ ਕੀਤਾ ਕਿ ਥਾਣੇ ਵਿੱਚ ਮੌਜੂਦ ਬਾਦਲ ਦਲ ਦੇ ਲੋਕਾਂ ਨੇ ਗੁਰਦੁਆਰਾ ਪ੍ਰਬੰਧਕਾਂ 'ਤੇ ਸ਼ਿਕਾਇਤ ਵਾਪਸ ਲੈਣ ਲਈ ਦਬਾਅ ਬਣਾਇਆ, ਜਿਸ ਕਾਰਨ ਇਸ ਘਟਨਾ ਪਿੱਛੇ ਬਾਦਲ ਦਲ ਦੀ ਭੂਮਿਕਾ ਹੋਣ ਦਾ ਖਦਸ਼ਾ ਪੈਦਾ ਹੋਇਆ ਹੈ। ਕਾਲਕਾ ਤੇ ਕਾਹਲੋਂ ਨੇ ਕਿਹਾ ਕਿ ਪੰਜਾਬ ਵਿੱਚ 2015 ਦੀਆਂ ਬੇਅਦਬੀ ਘਟਨਾਵਾਂ ਲਈ ਵੀ ਬਾਦਲ ਦਲ 'ਤੇ ਦੋਸ਼ ਲੱਗਦੇ ਰਹੇ ਹਨ, ਪਰ ਦੋਸ਼ੀਆਂ ਖ਼ਿਲਾਫ਼ ਕਾਰਵਾਈ ਨਹੀਂ ਹੋਈ। ਉਨ੍ਹਾਂ ਸਵਾਲ ਕੀਤਾ ਕਿ ਪੰਜਾਬ ਵਿੱਚ 2015 ਤੋਂ ਹੁਣ ਤੱਕ ਬੇਅਦਬੀ ਦੇ 453 ਮਾਮਲੇ ਸਾਹਮਣੇ ਆਉਣ ਦੇ ਬਾਵਜੂਦ ਜਥੇਦਾਰ ਸਾਹਿਬ ਵੱਲੋਂ ਸ਼੍ਰੋਮਣੀ ਕਮੇਟੀ ਦੇ ਕਿਸੇ ਮੈਂਬਰ ਖ਼ਿਲਾਫ਼ ਕਾਰਵਾਈ ਕਿਉਂ ਨਹੀਂ ਕੀਤੀ ਗਈ ਅਤੇ ਸ੍ਰੀ ਦਰਬਾਰ ਸਾਹਿਬ ਵਿਖੇ ਗੁਟਕਾ ਸਾਹਿਬ ਦੀ ਬੇਅਦਬੀ ਦੇ ਮਾਮਲੇ ਵਿੱਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਖ਼ਿਲਾਫ਼ ਕਾਰਵਾਈ ਕਿਉਂ ਨਹੀਂ ਹੋਈ। ਉਨ੍ਹਾਂ ਕਿਹਾ ਕਿ ਅਜਿਹੇ ਇਕਪਾਸੜ ਫੈਸਲੇ ਦੁਖਦਾਈ ਹਨ, ਪਰ ਦਿੱਲੀ ਗੁਰਦੁਆਰਾ ਕਮੇਟੀ ਸ੍ਰੀ ਅਕਾਲ ਤਖ਼ਤ ਸਾਹਿਬ ਪ੍ਰਤੀ ਸਮਰਪਿਤ ਹੈ ਅਤੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੂੰ ਮਿਲ ਕੇ ਸਾਰੇ ਤੱਥ ਪੇਸ਼ ਕਰੇਗੀ। ਉਨ੍ਹਾਂ ਖਦਸ਼ਾ ਪ੍ਰਗਟਾਇਆ ਕਿ ਦਿੱਲੀ ਅਤੇ ਪੰਜਾਬ ਦੀਆਂ ਚੋਣਾਂ ਨੇੜੇ ਹੋਣ ਕਾਰਨ ਬਾਦਲ ਦਲ ਸਿਆਸੀ ਲਾਹਾ ਲੈਣ ਲਈ ਅਜਿਹੀਆਂ ਹਰਕਤਾਂ ਕਰ ਸਕਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਦਿੱਲੀ ਗੁਰਦੁਆਰਾ ਕਮੇਟੀ ਬੇਅਦਬੀ ਦੇ ਦੋਸ਼ੀ ਨੂੰ ਸਖ਼ਤ ਸਜ਼ਾ ਦਿਵਾਉਣ ਲਈ ਦ੍ਰਿੜ੍ਹ ਹੈ, ਕੇਸ ਦੀ ਪੂਰੀ ਪੈਰਵੀ ਕਰੇਗੀ ਅਤੇ ਦਿੱਲੀ ਵਿੱਚ ਬੇਅਦਬੀ ਦੀ ਕੋਈ ਵੀ ਘਟਨਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਮੌਕੇ

ਨਨਕਾਣਾ ਸਾਹਿਬ ਲਈ ਸੰਗਤਾਂ ਦਾ ਜਥਾ ਰਵਾਨਾ



ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :— ਸ੍ਰੀ ਗੁਰੂ ਨਾਨਕ ਦੇਵ ਜੀ ਦੇ 557ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪਾਕਿਸਤਾਨ ਸਥਿਤ ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਦੇ ਜਥੇ ਨੂੰ ਸਾਈਂ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਵੱਲੋਂ ਸ਼ੁਭਕਾਮਨਾਵਾਂ ਦੇ ਕੇ ਰਵਾਨਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਭਾਰਤ ਅਤੇ ਪਾਕਿਸਤਾਨ ਦੀਆਂ ਸਰਕਾਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਲਈ ਆਪਣੇ ਵਿਛੜੇ ਗੁਰਧਾਮਾਂ ਦੇ ਦਰਸ਼ਨ ਕਰਨਾ ਬਹੁਤ ਹੀ ਸੁਭਾਗਾ ਅਤੇ ਭਾਵਨਾਤਮਕ ਪਲ ਹੁੰਦਾ ਹੈ।

ਇਸ ਮੌਕੇ ਦਲਜੀਤ ਸਿੰਘ ਸਿੱਧੂ ਨੇ ਜਥੇ ਵਿੱਚ ਸ਼ਾਮਲ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਅਰਦਾਸ ਕੀਤੀ ਕਿ ਗੁਰੂ ਸਾਹਿਬ ਸਭਨਾਂ ਦੇ ਸਫ਼ਰ ਨੂੰ ਸੁਖਦਾਈ ਬਣਾਉਣ ਅਤੇ ਸੰਗਤਾਂ ਆਪਣੇ ਇਤਿਹਾਸਕ ਗੁਰਧਾਮਾਂ ਦੇ ਦਰਸ਼ਨ ਦੀਦਾਰ ਕਰਕੇ ਚੜ੍ਹਦੀ ਕਲਾ ਵਿੱਚ ਸੁੱਖ—ਸਾਂਦ ਨਾਲ ਆਪਣੇ ਘਰਾਂ ਨੂੰ ਵਾਪਸ ਪਰਤਣ। ਉਨ੍ਹਾਂ ਕਿਹਾ ਕਿ ਸੰਗਤਾਂ ਅੱਜ ਵਾਹਗਾ—ਅਟਾਰੀ ਸਰਹੱਦ ਰਾਹੀਂ ਜ਼ੀਰੋ ਲਾਈਨ ਪਾਰ ਕਰਕੇ ਪਾਕਿਸਤਾਨ ਵਿੱਚ ਪ੍ਰਵੇਸ਼ ਕਰਨਗੀਆਂ। ਸਭ ਤੋਂ ਪਹਿਲਾਂ ਨਨਕਾਣਾ ਸਾਹਿਬ ਵਿਖੇ ਅਖੰਡ ਪਾਠ ਸਾਹਿਬ ਆਰੰਭ ਹੋਣਗੇ, ਜਿਨ੍ਹਾਂ ਦੇ 24 ਨਵੰਬਰ ਨੂੰ ਭੋਗ ਪਾਏ ਜਾਣਗੇ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਉਪਰੰਤ ਜਥਾ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਦੇ ਦਰਸ਼ਨਾਂ ਲਈ ਰਵਾਨਾ ਹੋਵੇਗਾ, ਉਥੋਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਉਪਰੰਤ ਸੰਗਤਾਂ ਲਾਹੌਰ ਪਹੁੰਚਣਗੀਆਂ, ਜਿੱਥੇ ਦੋ ਦਿਨ ਠਹਿਰਨ ਤੋਂ ਬਾਅਦ ਜਥਾ ਵਾਪਸ ਭਾਰਤ ਪਰਤੇਗਾ।

ਸਾਈਂ ਮੀਆਂ ਮੀਰ ਫਾਊਂਡੇਸ਼ਨ ਦੇ ਪ੍ਰਧਾਨ ਦਲਜੀਤ ਸਿੰਘ ਸਿੱਧੂ ਨੇ ਸੰਗਤਾਂ ਨੂੰ ਦਿੱਤੀਆਂ ਸ਼ੁਭਕਾਮਨਾਵਾਂ, ਦੋਵਾਂ ਸਰਕਾਰਾਂ ਦਾ ਕੀਤਾ ਧੰਨਵਾਦ

ਇਸ ਮੌਕੇ ਦਲਜੀਤ ਸਿੰਘ ਸਿੱਧੂ ਨੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਪੂਰੀ ਯਾਤਰਾ ਦੌਰਾਨ ਅਨੁਸ਼ਾਸਨ ਬਣਾਈ ਰੱਖਣ, ਨਿਰਧਾਰਤ ਪ੍ਰੋਟੋਕਾਲ ਦੀ ਪਾਲਣਾ ਕਰਨ ਅਤੇ ਪ੍ਰਸ਼ਾਸਨ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਹੀ ਆਪਣੇ ਗੁਰਧਾਮਾਂ ਵਿਖੇ ਦਰਸ਼ਨ ਕਰਨ। ਉਨ੍ਹਾਂ ਕਿਹਾ ਕਿ ਸਾਡੀ ਸਾਂਝੀ ਅਰਦਾਸ ਹੈ ਕਿ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਹਰ ਸੰਗਤ ਨੂੰ ਗੁਰਧਾਮਾਂ ਦੇ ਦਰਸ਼ਨਾਂ ਦਾ ਸੁਭਾਗਾ ਪ੍ਰਾਪਤ ਹੋਵੇ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਸਰਬੱਤ ਦੇ ਭਲੇ, ਸਾਂਝੀਵਾਲਤਾ ਅਤੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੰਦੀਆਂ ਹਨ, ਵਿਛੜੇ ਗੁਰਧਾਮਾਂ ਦੇ ਦਰਸ਼ਨ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨਾਲ ਜੁੜਿਆ ਇੱਕ ਅਹਿਮ ਉਪਰਾਲਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜਤਿਨ ਬਾਂਸਲ ਹੋਣਗੇ ਫ਼ਿਰੋਜ਼ਪੁਰ ਸਿਟੀ ਦੇ ਨਵੇਂ ਡੀ.ਐਸ.ਪੀ.

ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :— ਤਬਾਦਲਿਆਂ ਦੇ ਚੱਲੇ ਦੌਰ ਵਿਚ ਫ਼ਿਰੋਜ਼ਪੁਰ ਦੇ ਚਾਰ ਡੀ.ਐਸ.ਪੀਜ ਹੋਏ ਇਧਰੋ—ਉਧਰ। ਜੀ ਹਾਂ ਜਿਵੇਂ ਹੀ ਪੰਜਾਬ ਪੁਲਿਸ ਵੱਲੋਂ ਬਦਲੀਆਂ ਦੇ ਆਰਡਰ ਜਾਰੀ ਕੀਤੇ ਤਿਵੇਂ ਹੀ ਫ਼ਿਰੋਜ਼ਪੁਰ ਸਿਟੀ ਦੇ ਡੀ.ਐਸ.ਪੀ ਸਮੇਤ ਡੀ.ਐਸ.ਪੀ. ਡੀ, ਡੀ.ਐਸ.ਪੀ ਜ਼ੀਰਾ ਅਤੇ ਡੀ.ਐਸ.ਪੀ ਇੰਟੈਲੀਜੈਂਸ ਦੇ ਤਬਾਦਲੇ ਕਰਦੇ ਹੋਏ ਫ਼ਿਰੋਜ਼ਪੁਰ ਵਿਖੇ ਡੀ.ਐਸ.ਪੀ ਸਿਟੀ ਜਤਿਨ ਬਾਂਸਲ ਨੂੰ ਨਿਯੁਕਤ ਕੀਤਾ ਗਿਆ। ਪੁਲਿਸ ਪ੍ਰਸ਼ਾਸਨ ਵੱਲੋਂ ਜਾਰੀ ਕੀਤੇ ਆਰਡਰਾਂ ਮੁਤਾਬਿਕ ਡੀ.ਐਸ.ਪੀ ਡੀ ਜਸਪਾਲ ਸਿੰਘ, ਡੀ.ਐਸ.ਪੀ ਜ਼ੀਰਾ ਸੰਜੀਵ ਕਪੂਰ ਅਤੇ ਡੀ.ਐਸ.ਪੀ ਇੰਟੈਲੀਜੈਸ ਬਲਜਿੰਦਰ ਸਿੰਘ ਸਰਾਂ ਹੋਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਸੱਤਾ 'ਤੇ ਕਾਬਜ਼ ਸਰਕਾਰਾਂ ਚੋਰੀ ਨਹੀਂ ਕਰਦੀਆਂ, ਡਾਕੇ ਮਾਰਦੀਆਂ—ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 22 ਨਵੰਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਲੰਮੇ ਸਮੇਂ ਤੋਂ ਉਡੀਕ ਅਤੇ ਮੇਹਨਤ ਕਰ ਰਹੇ ਪੀ.ਸੀ.ਐਸ ਦੀ ਭਰਤੀ ਲਈ ਉਮੀਦਵਾਰ ਚੋਣ ਪ੍ਰੀਕ੍ਰਿਆ ਤੇ ਸਵਾਲ ਖੜ੍ਹੇ ਕਰ ਰਹੇ ਹਨ। ਮੀਡੀਆ ਰਿਪੋਰਟਾਂ ਅਨੁਸਾਰ ਵੱਡੇ ਪੱਧਰ ਤੇ ਸਰਕਾਰ ਅਤੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਤੇ ਧਾਂਦਲੀਆਂ ਅਤੇ ਕੀਤੇ ਗਏ ਫਰਾਡ ਦੇ ਦੋਸ਼ ਲੱਗ ਰਹੇ ਹਨ।

ਇੰਜ ਭਿੰਡਰ ਨੇ ਕਿਹਾ ਕਿ 331 ਪੋਸਟਾਂ ਲਈ ਕੁਲ 85192 ਉਮੀਦਵਾਰ ਸ਼ੁਰੂਆਤੀ ਪ੍ਰੀਖਿਆ ਵਿੱਚ ਬੈਠੇ ਅਤੇ ਕੁਲ 3959 ਉਮੀਦਵਾਰ ਮੇਨ ਇਮਤਿਹਾਨ ਵਿੱਚੋਂ 751 ਉਮੀਦਵਾਰਾਂ ਨੂੰ ਇੰਟਰਵਿਊ ਲਈ ਬੁਲਾਇਆ ਗਿਆ, ਜਦੋਂ ਕਿ ਨਿਯਮਾਂ ਅਨੁਸਾਰ 331 ਪੋਸਟਾਂ ਦਾ ਤਿੰਨ ਗੁਣਾ 993 ਉਮੀਦਵਾਰ ਇੰਟਰਵਿਊ ਲਈ ਸਦਣੇ ਬਣਦੇ ਸਨ। ਉਨ੍ਹਾਂ ਕਿਹਾ ਕਿ ਇਕ ਹੀ ਕਮਰੇ ਵਿੱਚੋਂ ਕਈ ਬੱਚਿਆਂ ਦਾ ਪਾਸ ਹੋਣਾ ਵੀ ਸ਼ੱਕ ਦੇ ਘੇਰੇ ਵਿੱਚ ਆਉਂਦਾ ਹੈ। ਵਕੀਲਾਂ ਦੀ ਦਲੀਲਾਂ ਸੁਣਨ ਤੋਂ ਬਾਅਦ ਮਾਨਯੋਗ ਉਚ ਅਦਾਲਤ ਹਾਈਕੋਰਟ ਨੇ ਅਗਾਂਊ ਕਾਰਵਾਈ ਤੇ ਰੋਕ ਲਗਾ ਦਿੱਤੀ ਹੈ, ਪੰਜ ਸਾਲਾਂ ਦੌਰਾਨ ਝਾੜੂ ਸਰਕਾਰ ਨੇ ਪੰਜਾਬ ਪਬਲਿਕ ਸਰਵਿਸ ਕਮਿਸ਼ਨ ਰਾਂਹੀ ਇਕ ਹੀ ਪ੍ਰੀਖਿਆ ਕੰਡਕਟ ਕੀਤੀ ਗਈ, ਲਗਭਗ 6 ਸਾਲਾਂ ਦੀ ਉਡੀਕ ਤੋਂ ਬਾਅਦ ਹੋਈ ਪ੍ਰੀਖਿਆ ਕਾਰਨ ਸਰਕਾਰ ਉਤੇ ਧਾਂਦਲੀਆਂ ਦੇ ਦੋਸ਼ ਲੱਗਣੇ ਅਤਿ ਨਿੰਦਣਯੋਗ ਕਾਰਵਾਈ ਹੈ। ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਉਮੀਦਵਾਰ ਆਪਸ ਵਿੱਚ ਗੱਲਾਂ ਕਰਦੇ ਸੁਣੇ ਗਏ ਕਿ ਪਹਿਲੀਆਂ ਸਰਕਾਰਾਂ ਚੋਰੀ ਛੁਪੇ ਆਪਣੇ ਚਹੇਤੇ ਅਡਜਸਟ ਕਰ ਲੈਂਦੇ ਸਨ, ਪਰ ਆਮ ਆਦਮੀ ਪਾਰਟੀ ਦੀ ਭਗਵੰਤ ਸਰਕਾਰ ਨੇ ਤਾਂ ਇਸ ਪ੍ਰੀਖਿਆ ਵਿੱਚ ਡਾਕਾ ਹੀ ਮਾਰ ਲਿਆ ਅਤੇ ਸਰਕਾਰ ਨੇ ਨਜ਼ਦੀਕੀ ਪ੍ਰੀਖਿਆਰਥੀਆਂ ਨੂੰ ਅਡਜਸਟ ਕਰਨ ਲਈ ਸ਼ਰੇਆਮ ਫਰਾਡ ਕੀਤਾ ਗਿਆ ਜਾਪਦਾ ਹੈ, ਉਚ ਅਦਾਲਤ ਵੱਲੋਂ ਇਸ ਪ੍ਰੀਖਿਆ ਤੇ ਰੋਕ ਲਗਾਉਣ ਨਾਲ ਸਰਕਾਰ ਦੀ ਕਿਰਕਰੀ ਹੋਈ ਹੈ। ਅਖੀਰ ਵਿੱਚ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਅਸੀਂ ਅਧਿਕਾਰ ਸੰਘਰਸ਼ ਪਾਰਟੀ ਦੇ ਪਲੇਟਫਾਰਮ ਤੋਂ ਮਾਨਯੋਗ ਅਦਾਲਤ ਹਾਈਕੋਰਟ ਨੂੰ ਅਪੀਲ ਕਰਦੇ ਹਾਂ ਕਿ ਜਲਦੀ ਤੋਂ ਜਲਦੀ ਦੁੱਧ ਦਾ ਦੁੱਧ ਅਤੇ ਪਾਣੀ ਦਾ ਪਾਣੀ ਕਰਕੇ ਯੋਗ ਉਮੀਦਵਾਰਾਂ ਨੂੰ ਇਨਸਾਫ ਦਿੱਤਾ ਜਾਵੇ ਅਤੇ ਫਰਾਡ ਕਰਨ ਵਾਲੇ ਸਬੰਧਤ ਸਾਰੇ ਜ਼ਿੰਮੇਵਾਰ ਅਧਿਕਾਰੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

ਯਾਦਵਿੰਦਰਾ ਸਾਇੰਸਜ਼ ਵਿਭਾਗ ਵੱਲੋਂ ਨਵੇਂ ਵਿਦਿਆਰਥੀਆਂ ਲਈ ਫਰੈਸ਼ਰ ਪਾਰਟੀ ਦਾ ਆਯੋਜਨ







ਤਲਵੰਡੀ ਸਾਬੋ, 22 ਨਵੰਬਰ (ਗੁਰਜੰਟ ਸਿੰਘ ਨਥੇਹਾ)- ਪੰਜਾਬੀ ਯੂਨੀਵਰਸਿਟੀ ਕੈਂਪਸ ਦਮਦਮਾ ਸਾਹਿਬ ਦੇ ਯਾਦਵਿੰਦਰਾ ਸਾਇੰਸਜ਼ ਵਿਭਾਗ ਵਿਖੇ ਬੀ.ਐੱਸ.ਸੀ. ਭਾਗ ਪਹਿਲਾ ਵਿੱਚ ਦਾਖਲ ਹੋਏ ਨਵੇਂ ਵਿਦਿਆਰਥੀਆਂ ਲਈ ਵਿਭਾਗ ਦੇ ਬੀ.ਐੱਸ.ਸੀ. ਭਾਗ ਦੂਜਾ ਅਤੇ ਤੀਜਾ ਦੇ ਵਿਦਿਆਰਥੀਆਂ ਵੱਲੋਂ ਇੱਕ ਫਰੈਸ਼ਰ ਪਾਰਟੀ ਦਾ ਆਯੋਜਨ ਕੀਤਾ ਗਿਆ। ਵਿਭਾਗੀ ਕਲਚਰ ਕਮੇਟੀ ਕੋਆਰਡੀਨੇਟਰ ਅਤੇ ਕੋਆਰਡੀਨੇਟਰ ਕੁਮਵਾਰ ਮੈਡਮ ਅਨੂ ਬਾਲਾ ਤੇ ਡਾ. ਦਿਵਿਆ ਤਨੇਜਾ ਸਮੇਤ ਫੈਕਲਟੀ ਅਤੇ ਵਿਦਿਆਰਥੀਆਂ ਵੱਲੋਂ ਵਿਭਾਗ ਦੇ ਮੁਖੀ ਡਾ. ਪ੍ਰੀਤੀ ਬਾਂਸਲ ਦੀ ਜਗ੍ਹਾ ਕਾਰਜਕਾਰੀ ਮੁਖੀ ਵਜੋਂ ਡਿਊਟੀ ਨਿਭਾ ਰਹੇ ਡਾ. ਲਖਬੀਰ ਸਿੰਘ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ। ਫਰੈਸ਼ਰ ਪਾਰਟੀ ਦਾ ਰਵਾਇਤੀ ਉਦਘਾਟਨ ਸ਼ਮਾ-ਰੌਸ਼ਨ ਕਰਨ ਨਾਲ ਹੋਇਆ। ਇਸ ਪ੍ਰੋਗਰਾਮ ਵਿੱਚ ਵਿਦਿਆਰਥੀਆਂ ਵੱਲੋਂ ਸ਼ਾਨਦਾਰ ਕਲਚਰਲ ਗਤੀਵਿਧੀਆਂ ਜਿਵੇਂ ਕਿ ਭੰਗੜਾ, ਗਾਇਕੀ, ਸ਼ਾਇਰੀ, ਹਾਸਾ-ਤਮਾਸ਼ਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਕੇ ਰੌਚਿਕ ਭਰਪੂਰ ਰੰਗ ਭਰਿਆ। ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਵਿੱਚੋਂ ਲੱਗਭਗ 60 ਨੇ ਰੈਂਪ-ਵਾਕ ਕੀਤੀ ਅਤੇ ਆਪਣੀ ਖੁਦ ਦੀ ਸਖਸ਼ੀਅਤ ਬਾਰੇ ਦੱਸਿਆ। ਡਾ. ਬਲਜਿੰਦਰ ਕੌਰ, ਮੈਡਮ ਰਜਨੀ ਬਾਲਾ ਅਤੇ ਡਾ. ਅਵਤਾਰ ਸਿੰਘ ਨੇ ਜੱਜ ਦੀ ਭੂਮਿਕਾ ਨਿਭਾਉਂਦੇ ਹੋਏ ਸੁਖਮਨਦੀਪ ਸਿੰਘ ਨੂੰ ਮਿਸਟਰ ਫਰੈਸ਼ਰ ਅਤੇ ਚਹਿਲਪ੍ਰੀਤ ਕੌਰ ਨੂੰ ਮਿਸ ਫਰੈਸ਼ਰ ਚੁਣਿਆ। ਮਿਸ ਚਾਰਮਿੰਗ ਲਈ ਸਿਮਰਪ੍ਰੀਤ ਕੌਰ, ਮਿਸਟਰ ਹੈਂਡਸਮ ਲਈ ਪ੍ਰਮਨਮੀਤ ਸਿੰਘ ਜਦੋਂ ਕਿ ਨੂਰਦੀਪ ਕੌਰ ਦੀ ਸੂਵਸ਼ੇਸ਼ਟ ਪੇਸ਼ਕਾਰੀ ਲਈ ਚੋਣ ਕੀਤੀ ਗਈ। ਵਿਦਿਆਰਥੀਆਂ ਦੁਆਰਾ ਫੈਕਲਟੀ ਲਈ ਆਯੋਜਤ ਖੇਲ ਗਤੀਵਿਧੀ ਵਿਚ ਡਾ. ਸਵਿਤਾ ਰਾਣੀ ਨੇ ਬਾਜੀ ਮਾਰੀ। ਇਸ ਪ੍ਰੋਗਰਾਮ ਦਾ ਲੱਗਭਗ 200 ਵਿਦਿਆਰਥੀਆਂ, ਫੈਕਲਟੀ ਅਤੇ ਸਟਾਫ਼ ਨੇ ਆਨੰਦ ਮਾਣਿਆ। ਡਾ. ਲਖਬੀਰ ਸਿੰਘ ਨੇ ਫਰੈਸ਼ਰ ਪਾਰਟੀ ਦੇ ਆਯੋਜਨ ਲਈ ਸਬੰਧਤ ਅਧਿਆਪਕ ਸਹਿਬਾਨ ਅਤੇ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ। ਹੋਰਨਾਂ ਤੋਂ ਇਲਾਵਾ ਇਸ ਮੌਕੇ ਡਾ. ਅੰਜੂ ਸੈਣੀ, ਡਾ ਸੰਜੀਵ ਕੁਮਾਰ, ਡਾ. ਲੇਖਰਾਜ, ਡਾ. ਤਰੁਣ ਗਰਗ, ਮੈਡਮ ਸਾਰਿਕਾ ਮਿੱਤਲ, ਮੈ



ਸਮੂਹ ਸੰਗਤ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖ਼ਾਲਸਾ ਜੀ ਦੀ ਦਾਦੀ ਜੀ, ਸਵਰਗਵਾਸੀ ਮਾਤਾ ਚਰਨ ਕੌਰ ਜੀ ਦੇ ਨਮਿੱਤ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਅੱਜ ਮਿਤੀ 23 ਨਵੰਬਰ, ਸੋਮਵਾਰ ਨੂੰ ਗੁਰਦੁਆਰਾ ਸ੍ਰੀ ਕਾਲਾ ਮਹਿਰ, ਜੱਲੂਪੁਰ ਖੈੜਾ, ਜ਼ਿਲ੍ਹਾ ਅੰਮ੍ਰਿਤਸਰ ਵਿਖੇ ਪਾਏ ਜਾਣਗੇ। ਸਮੂਹ ਸੰਗਤ ਨੂੰ ਪੁਰਜ਼ੋਰ ਅਪੀਲ ਹੈ ਕਿ ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਸਾਂਝੀ ਕਰਨ ਅਤੇ ਗੁਰੂ ਚਰਨਾਂ ਵਿੱਚ ਹਾਜ਼ਰੀ ਭਰ ਕੇ ਸਵਰਗਵਾਸੀ ਮਾਤਾ ਚਰਨ ਕੌਰ ਜੀ ਨੂੰ ਸ਼ਰਧਾ ਤੇ ਸਤਿਕਾਰ ਭੇਟ ਕਰਨ। ਭੋਗ ਦਾ ਸਮਾਂ ਬਾਅਦ ਦੁਪਹਿਰ 12 ਵਜੇ ਤੋਂ 2 ਵਜੇ ਤੱਕ ਹੋਵੇਗਾ।



ਭਾਈ ਅੰਮ੍ਰਿਤਪਾਲ ਸਿੰਘ ਦੇ ਗ੍ਰਹਿ ਵਿਖੇ ਉਨ੍ਹਾਂ ਦੇ ਪਿਤਾ ਜਥੇਦਾਰ ਤਰਸੇਮ ਸਿੰਘ ਨਾਲ ਅਫ਼ਸੋਸ ਪ੍ਰਗਟ ਕਰਨ ਪਹੁੰਚੇ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਬਾਬਾ ਸਵਰਨਜੀਤ ਸਿੰਘ, ਬਾਬਾ ਜਤਿੰਦਰ ਸਿੰਘ ਗੋਬਿੰਦਬਾਗ ਵਾਲੇ ਅਤੇ ਹੋਰ ਪੰਥਕ ਆਗੂ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਜਥੇ ਸਮੇਤ ਪੁੱਜੇ ਜੱਲੂਪੁਰ ਖੇੜਾ

ਜੱਲੂਪੁਰ ਖੇੜਾ • ਆਵਾਜ਼ਿ ਕੌਮ ਬਿਊਰੋ

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸੰਤ ਬਾਬਾ ਹਾਕਮ ਸਿੰਘ ਜੀ ਸੰਪਰਦਾਏ ਕਾਰ ਸੇਵਾ ਸਰਹਾਲੀ ਸਾਹਿਬ (ਸਿੰਘਾਂ ਸਮੇਤ), ਜਥੇ ਸਮੇਤ ਅੱਜ ਜੱਲੂਪੁਰ ਖੇੜਾ ਵਿਖੇ ਭਾਈ ਅੰਮ੍ਰਿਤਪਾਲ ਸਿੰਘ ਦੀ ਦਾਦੀ ਜੀ ਦਾ ਅਫਸੋਸ ਕਰਨ ਵਾਸਤੇ ਪਹੁੰਚੇ। ਉਨ੍ਹਾਂ ਨਾਲ ਬਾਬਾ ਸਵਰਨਜੀਤ ਸਿੰਘ ਜੀ ਨਿਹੰਗ ਸਿੰਘ ਤਰਨਾ ਦਲ ਦੁਆਬਾ, ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ, ਭਾਈ ਬਲਵੰਤ ਸਿੰਘ ਗੋਪਾਲਾ, ਗਿਆਨੀ ਗੁਰਮੇਲ ਸਿੰਘ, ਰਾਜਿੰਦਰ ਸਿੰਘ ਰਾਜਾ, ਭਾਈ ਫਤਹਿ ਸਿੰਘ, ਭਾਈ ਅਜੀਤ ਸਿੰਘ ਆਦਿ ਸਿੰਘ ਵੀ ਸਨ। ਪਰਿਵਾਰ ਨਾਲ ਅਫਸੋਸ ਕਰਦਿਆਂ ਉਨ੍ਹਾਂ ਨੇ ਸੀਮਤ ਸਮੇਂ ਲਈ ਭਾਈ ਅੰਮ੍ਰਿਤਪਾਲ ਸਿੰਘ ਨੂੰ ਪੈਰੋਲ ਤੇ ਭੇਜਣ ਦੀ ਵੀ ਅਲੋਚਨਾ ਕੀਤੀ ਅਤੇ ਕਿਹਾ ਕਿ ਸਿੱਖਾਂ ਨੂੰ ਗੁਲਾਮੀ ਦਾ ਅਹਿਸਾਸ ਕਰਵਾਇਆ ਜਾ ਰਿਹਾ ਹੈ। ਪਰਿਵਾਰ ਵੱਲੋਂ ਮਾਤਾ ਚਰਨ ਕੌਰ ਜੀ ਦੇ ਸਪੁੱਤਰ ਜਥੇਦਾਰ ਤਰਸੇਮ ਸਿੰਘ ਜੀ, ਭਾਈ ਪ੍ਰਗਟ ਸਿੰਘ ਜੀ ਅਤੇ ਹੋਰ ਪਰਿਵਾਰਕ ਮੈਂਬਰ ਵੀ ਮੌਜੂਦ ਸਨ। ਇਸ ਸਮੇਂ ਹੋਰ ਵੀ ਸੰਗਤਾਂ ਦੀ ਆਵਾਜਾਈ ਜਾਰੀ ਸੀ।

» ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਨਾਲ ਕੀਤਾ ਅਫਸੋਸ ਪ੍ਰਗਟ

ਉਨ੍ਹਾਂ ਕਿਹਾ ਕਿ ਮਾਤਾ ਦਾ ਆਸਰਾ ਬਹੁਤ ਵੱਡੀ ਸ਼ਕਤੀ ਹੁੰਦੀ ਹੈ, ਭਾਵੇਂ ਉਹ ਬਜ਼ੁਰਗ ਅਵਸਥਾ ਵਿੱਚ ਹੀ ਅਕਾਲ ਚਲਾਣਾ ਕਰ ਗਏ ਹਨ, ਫਿਰ ਵੀ ਮਾਤਾ ਦੀ ਥੋੜ੍ਹ ਮਹਿਸੂਸ ਹੁੰਦੀ ਰਹਿੰਦੀ ਹੈ, ਪਰ ਇਹ ਅਕਾਲ ਪੁਰਖ ਦੀ ਰਜ਼ਾ ਹੈ ਕਿ ਗੁਰਮਤਿ ਅਨੁਸਾਰ ਸਾਨੂੰ ਸਭਨਾਂ ਨੂੰ ਗੁਰੂ ਭਾਣੇ ਵਿੱਚ ਹੀ ਗੁਰਬਾਣੀ ਦਾ ਆਸਰਾ ਰੱਖਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243